ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 18 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੫ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪਾਕਿਸਤਾਨ 'ਚ ਗੁਰੂਘਰਾਂ ਦੇ ਦਰਸ਼ਨਾਂ ਲਈ ਗਿਆ ਨੌਜਵਾਨ ਹੋਇਆ ਹਨੀ ਟਰੈਪ ਦਾ ਸ਼ਿਕਾਰ, ਜਾਸੂਸੀ ਦੇ ਦੋਸ਼ 'ਚ ਹੋਇਆ ਗ੍ਰਿਫ਼ਤਾਰ

ਪਾਣੀਪਤ, 17 ਮਈ (ਆਵਾਜ਼ਿ ਕੌਮ ਬਿਊਰੋ)– ਹਰਿਆਣਾ ਦੇ ਪਾਣੀਪਤ ਵਿੱਚ ਇੱਕ ਪਾਕਿਸਤਾਨੀ ਜਾਸੂਸ ਦੀ ਗ੍ਰਿਫ਼ਤਾਰੀ ਤੋਂ ਬਾਅਦ ਪੁਲਿਸ ਨੇ ਕੈਥਲ ਜ਼ਿਲ੍ਹੇ ਤੋਂ ਵੀ ਇੱਕ ਜਾਸੂਸ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ 25 ਸਾਲਾ ਨੌਜਵਾਨ ਦੇ ਪਾਕਿਸਤਾਨੀ ਖੁਫੀਆ ਏਜੰਸੀ ਨਾਲ ਸਬੰਧ ਪਾਏ ਗਏ ਹਨ।



ਦੋਸ਼ੀ ਨੇ ਹਥਿਆਰਾਂ ਨਾਲ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਸੀ, ਜਿਸ ਤੋਂ ਬਾਅਦ ਉਹ ਪੁਲਿਸ ਦੀ ਨਜ਼ਰ ਵਿੱਚ ਆ ਗਿਆ। ਉਸਨੇ ਪੁੱਛਗਿੱਛ ਦੌਰਾਨ ਪੁਲਿਸ ਨੂੰ ਦੱਸਿਆ ਕਿ ਉਹ ਪਾਕਿਸਤਾਨ ਦੀ ਧਾਰਮਿਕ ਯਾਤਰਾ 'ਤੇ ਗਿਆ ਸੀ। ਉਸ ਸਮੇਂ ਦੌਰਾਨ ਇੱਕ ਕੁੜੀ ਨੇ ਉਸਨੂੰ ਹਨੀਟ੍ਰੈਪ ਵਿੱਚ ਫਸਾ ਲਿਆ ਤੇ ਉਸਨੂੰ ਜਾਸੂਸੀ ਕਰਨ ਲਈ ਮਨਾ ਲਿਆ। ਪਾਕਿਸਤਾਨ ਵਿੱਚ ਉਸਨੂੰ ਜਾਸੂਸੀ ਦੀ ਸਿਖਲਾਈ ਦਿੱਤੀ ਗਈ ਸੀ ਤੇ ਉਸਨੂੰ ਕੁੜੀਆਂ ਦੇ ਨਾਲ–ਨਾਲ ਵੱਡੀ ਰਕਮ ਦਾ ਲਾਲਚ ਦਿੱਤਾ ਗਿਆ ਸੀ। ਉਹ 5 ISI ਏਜੰਟਾਂ ਦੇ ਸੰਪਰਕ ਵਿੱਚ ਸੀ। ਉਸ ਵਿਰੁੱਧ ਕੈਥਲ ਦੇ ਗੁਹਲਾ ਥਾਣੇ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ। ਦੋਸ਼ੀ ਨੇ ਦੱਸਿਆ ਹੈ ਕਿ ਹੁਣ ਤੱਕ ਉਹ ਪਟਿਆਲਾ ਕੈਂਟ ਇਲਾਕੇ ਦੀ ਜਾਣਕਾਰੀ ਤੇ ਤਸਵੀਰਾਂ ਆਈਐਸਆਈ ਨੂੰ ਭੇਜ ਚੁੱਕਾ ਹੈ।

### ---: ਭਾਰਤ ਵਿਰੁੱਧ ਦਿੱਤਾ ਸੀ ਪਾਕਿਸਤਾਨ ਦਾ ਸਾਥ:---

# ਪੰਜਾਬ 'ਚ ਵੀ ਤੁਰਕੀ ਦੇ ਸੇਬਾਂ ਦਾ ਬਾਈਕਾਟ

### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਭਾਰਤ ਅਤੇ ਪਾਕਿਸਤਾਨ ਵਿਚਾਲੇ ਵਿਵਾਦ ਤੋਂ ਬਾਅਦ ਹੁਣ ਤੁਰਕੀ ਨੂੰ ਲੈ ਕੇ ਵੀ ਮਾਮਲਾ ਗਰਮ ਹੋ ਗਿਆ ਹੈ। ਦਰਅਸਲ, ਤੁਰਕੀ ਨੇ ਪਾਕਿਸਤਾਨ ਦਾ ਸਮਰਥਨ ਕਰਨ ਦਾ ਐਲਾਨ ਕੀਤਾ ਹੈ। ਇਸ ਤੋਂ ਬਾਅਦ ਜਲੰਧਰ ਦੀ ਮਕਸੂਦਾ ਮੰਡੀ ਦੇ ਫਲ ਵਪਾਰੀਆਂ ਨੇ ਤੁਰਕੀ ਸੇਬਾਂ ਦਾ ਬਾਈਕਾਟ ਕਰਨ ਦਾ ਫੈਸਲਾ ਕੀਤਾ ਹੈ। ਆੜ੍ਹਤੀਆਂ ਦਾ ਕਹਿਣਾ ਹੈ ਕਿ ਭਾਰਤ–ਪਾਕਿ ਤਣਾਅ ਦੌਰਾਨ ਤੁਰਕੀ ਨੇ ਪਾਕਿਸਤਾਨ ਦਾ ਸਮਰਥਨ ਕੀਤਾ ਸੀ, ਜਿਸ ਕਾਰਨ ਹੁਣ ਤੁਰਕੀ ਤੋਂ ਆਉਣ ਵਾਲੇ ਸੇਬ ਤੇ



ਹੋਰ ਚੀਜ਼ਾਂ ਦਾ ਵਿਰੋਧ ਕੀਤਾ ਜਾ ਰਿਹਾ ਹੈ। ਇਸ ਬਾਈਕਾਟ ਸਬੰਧੀ ਫਲ ਮੰਡੀ ਵਿੱਚ ਇੱਕ ਮੀਟਿੰਗ ਵੀ ਕੀਤੀ ਜਾ ਰਹੀ ਹੈ। ਆੜ੍ਹਤੀਏ ਡਿੰਪੀ ਸਚਦੇਵਾ ਨੇ ਕਿਹਾ ਕਿ ਉਹ ਦੁਸ਼ਮਣ ਨੂੰ ਮਜ਼ਬੂਤ ਨਹੀਂ ਕਰਨਾ ਚਾਹੁੰਦੇ। ਤੁਰਕੀ ਸੇਬ ਆਮ ਤੌਰ 'ਤੇ ਪੱਕਣ ਲਈ 4–5 ਮਹੀਨੇ ਲੈਂਦੇ ਹਨ। ਜਦੋਂ ਸੇਬਾਂ ਦੀ ਕਮੀ ਹੁੰਦੀ ਹੈ, ਤਾਂ 2 ਟਰੱਕ ਆਉਂਦੇ ਹਨ, ਪਰ ਆਮ ਦਿਨਾਂ ਵਿੱਚ 20–25 ਟਨ ਵਾਲਾ ਇੱਕ ਟਰੱਕ ਰੋਜ਼ਾਨਾ ਆਉਂਦਾ ਹੈ। ਹਾਲਾਂਕਿ, ਕਸ਼ਮੀਰੀ ਸੇਬ ਬਾਜ਼ਾਰ ਵਿੱਚ ਸਭ ਤੋਂ ਵੱਧ ਪ੍ਰਸਿੱਧ ਹਨ। ਨਵੰਬਰ ਵਿੱਚ ਜਦੋਂ ਕਸ਼ਮੀਰੀ ਸੇਬਾਂ ਦੀ ਮੰਗ ਘੱਟ ਜਾਂਦੀ ਹੈ, ਤੁਰਕੀ ਸੇਬ ਬਾਜ਼ਾਰਾਂ ਵਿੱਚ ਆਉਂਦੇ ਹਨ। ਹੁਣ ਤੁਰਕੀ ਸੇਬਾਂ ਦਾ ਬਾਈਕਾਟ ਕਰਨ ਨਾਲ ਤੁਰਕੀ ਦੇ ਵਪਾਰ 'ਤੇ ਵੱਡਾ ਪ੍ਰਭਾਵ ਪਵੇਗਾ। ਹੋਰ ਆੜ੍ਹਤੀਆਂ ਨੇ ਵੀ ਕਿਹਾ ਕਿ ਉਹ ਜਲੰਧਰ ਦੇ ਬਾਜ਼ਾਰਾਂ ਵਿੱਚ ਦੁਸ਼ਮਣ ਦੇਸ਼ ਦੇ ਸੇਬ ਨਹੀਂ ਵੇਚਣਗੇ। ਤੁਰਕੀ ਸੇਬ ਵੇਚਣ ਨਾਲ ਭਾਰਤ ਨੂੰ ਬਹੁਤਾ ਫ਼ਰਕ ਨਹੀਂ ਪਵੇਗਾ। ਆੜ੍ਹਤੀਆਂ ਨੇ ਕਿਹਾ ਕਿ ਜੰਮੂ–ਕਸ਼ਮੀਰ ਤੋਂ ਸੇਬਾਂ ਦੀ ਵੱਡੀ ਸਪਲਾਈ ਹੈ। ਤੁਰਕੀ ਸੇਬ ਸਿਰਫ਼ ਚੋਣਵੇਂ ਆੜ੍ਹਤੀਆਂ ਲਈ ਉਪਲਬਧ ਹਨ ਪਰ ਹੁਣ ਉਨ੍ਹਾਂ ਦਾ ਪੂਰੀ ਤਰ੍ਹਾਂ ਬਾਈਕਾਟ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦਾ ਦੁਸ਼ਮਣ ਸਾਡਾ ਦੁਸ਼ਮਣ ਹੈ। ਤੁਰਕੀ ਸੇਬ ਬਾਜ਼ਾਰ ਵਿੱਚ ਨਾ ਆਉਣ ਕਾਰਨ ਕੀਮਤਾਂ 'ਤੇ ਬਹੁਤਾ ਅਸਰ ਨਹੀਂ ਪਵੇਗਾ, ਪਰ ਤੁਰਕੀ ਦੇ ਵਪਾਰ ਨੂੰ ਜ਼ਰੂਰ ਨੁਕਸਾਨ ਹੋਵੇਗਾ।

## ਭਾਰਤ ਦੀ ਪਾਕਿਸਤਾਨ 'ਤੇ Water Strike ! ਸਿੰਧ ਤੋਂ ਬਾਅਦ ਹੁਣ ਜੇਹਲਮ ਨਦੀ 'ਤੇ ਤੁਲਬੁਲ ਪ੍ਰੋਜੈਕਟ ਮੁੜ ਸ਼ੁਰੂ

ਭਾਰਤ ਨੇ ਫਿਰ ਤੋਂ ਪਾਕਿਸਤਾਨ ਨੂੰ ਪਾਣੀ ਦੀ ਹਰ ਬੂੰਦ ਲਈ ਤਰਸਣ ਲਈ ਪਾਣੀ ਦੀ ਸਟ੍ਰਾਈਕ ਦੀ ਤਿਆਰੀ ਕਰ ਲਈ ਹੈ। ਪਹਿਲਾਂ ਭਾਰਤ ਨੇ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰ ਦਿੱਤਾ ਤੇ ਹੁਣ ਜੇਹਲਮ ਨਦੀ 'ਤੇ ਤੁਲਬੁਲ ਪ੍ਰੋਜੈਕਟ ਨੂੰ ਮੁੜ ਸ਼ੁਰੂ ਕਰਨ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ, ਜਿਸ ਨੂੰ 1987 ਵਿੱਚ ਪਾਕਿਸਤਾਨ ਦੇ ਵਿਰੋਧ ਤੋਂ ਬਾਅਦ ਰੋਕ ਦਿੱਤਾ ਗਿਆ ਸੀ।





ਜ਼ਿਕਰ ਕਰ ਦਈਏ ਕਿ ਜੰਮੂ–ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਤੁਲਬੁਲ ਨੇਵੀਗੇਸ਼ਨ ਬੈਰਾਜ ਪ੍ਰੋਜੈਕਟ 'ਤੇ ਕੰਮ ਮੁੜ ਸ਼ੁਰੂ ਕਰਨ ਦਾ ਸੱਦਾ ਦਿੱਤਾ ਹੈ। ਇਸ ਨੂੰ ਲੈ ਕੇ, ਸ਼ੁੱਕਰਵਾਰ ਨੂੰ ਪੀਪਲਜ਼ ਡੈਮੋਕ੍ਰੇਟਿਕ ਪਾਰਟੀ (ਪੀਡੀਪੀ) ਦੀ ਪ੍ਰਧਾਨ ਮਹਿਬੂਬਾ ਮੁਫਤੀ ਅਤੇ ਉਨ੍ਹਾਂ ਵਿਚਕਾਰ ਸ਼ਬਦੀ ਜੰਗ ਛਿੜ ਗਈ। ਮਹਿਬੂਬਾ ਨੇ ਇਸ ਕਾਲ ਨੂੰ "ਗੈਰ–ਜ਼ਿੰਮੇਵਾਰਾਨਾ" ਅਤੇ "ਖਤਰਨਾਕ ਤੌਰ 'ਤੇ ਭੜਕਾਊ" ਦੱਸਿਆ। ਹਾਲਾਂਕਿ, ਉਸਨੇ ਬਾਅਦ ਵਿੱਚ ਭਾਰਤ ਦੇ ਲੰਬੇ ਸਮੇਂ ਦੇ ਹਿੱਤਾਂ ਨੂੰ ਦੁਹਰਾਇਆ। ਤੁਲਬੁਲ ਨੇਵੀਗੇਸ਼ਨ ਪ੍ਰੋਜੈਕਟ ਨੂੰ ਵੂਲਰ ਬੈਰਾਜ ਪ੍ਰੋਜੈਕਟ ਵਜੋਂ ਵੀ ਜਾਣਿਆ ਜਾਂਦਾ ਹੈ। ਇਹ 1980 ਦੇ ਦਹਾਕੇ ਵਿੱਚ ਸ਼ੁਰੂ ਹੋਇਆ ਸੀ। ਇਹ ਬਾਰਾਮੂਲਾ ਵਿੱਚ ਵੂਲਰ ਝੀਲ ਦੇ ਮੂੰਹ 'ਤੇ ਬਣਾਇਆ ਜਾਣ ਵਾਲਾ ਇੱਕ ਕੰਟਰੋਲ ਢਾਂਚਾ ਹੈ, ਜਿਸ ਰਾਹੀਂ ਜੇਹਲਮ ਨਦੀ ਦੇ ਵਹਾਅ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ। ਇਸ ਨਾਲ ਜੇਹਲਮ ਨਦੀ ਵਿੱਚ ਪਾਣੀ ਰੋਕ ਕੇ ਆਵਾਜਾਈ ਨੂੰ ਆਸਾਨ ਬਣਾਇਆ ਜਾ ਸਕਦਾ ਹੈ। 1984 ਵਿੱਚ ਜੇਹਲਮ ਨਦੀ 'ਤੇ ਵੂਲਰ ਝੀਲ ਦੇ ਮੁਹਾਨੇ 'ਤੇ ਕੰਮ ਸ਼ੁਰੂ ਹੋਇਆ। ਖੱਬੇ ਕੰਢੇ ਕੰਕਰੀਟ ਦੇ ਢੇਰ ਅਤੇ ਨੀਂਹ ਦਾ ਕੰਮ ਪੂਰਾ ਹੋਣ ਤੋਂ ਬਾਅਦ ਹੀ ਪਾਕਿਸਤਾਨ ਨੇ ਇਤਰਾਜ਼ ਉਠਾਇਆ ਸੀ ਇਸਦਾ ਉਦੇਸ਼ ਸਾਲ ਭਰ ਨੇਵੀਗੇਸ਼ਨ ਸਹੂਲਤਾਂ ਪ੍ਰਦਾਨ ਕਰਨਾ ਤੇ ਸਰਦੀਆਂ ਵਿੱਚ ਬਿਜਲੀ ਉਤਪਾਦਨ ਵਧਾਉਣਾ ਸੀ। ਇਹ ਅਨੰਤਨਾਗ, ਸ੍ਰੀਨਗਰ ਅਤੇ ਬਾਰਾਮੂਲਾ ਜ਼ਿਲ੍ਹਿਆਂ ਨੂੰ ਜੋੜਨ ਲਈ ਬਣਾਇਆ ਜਾਣਾ ਸੀ।

### ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਦਾ ਵੱਡਾ ਇਲਜ਼ਾਮ

## ਆਪ ਦੇ ਅੱਧੇ ਤੋਂ ਵੱਧ ਵਿਧਾਇਕ ਨਸ਼ਾ ਮਾਫੀਆ ਦੇ ਸਾਥੀ, ਗੈਰਕਾਨੂੰਨੀ ਵਪਾਰ ਰਾਹੀਂ ਕਮਾ ਰਹੇ ਨੇ ਪੈਸੇ

ਚੰਡੀਗੜ੍ਹ, 17 ਮਈ (ਆਵਾਜ਼ਿ ਕੌਮ ਬਿਊਰੋ)–ਕੇਂਦਰੀ ਰੇਲ ਅਤੇ ਖਾਦ ਪ੍ਰੋਸੈਸਿੰਗ ਮੰਤਰਾਲੇ ਦੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਦਿੱਲੀ ਹਾਰ ਚੁੱਕੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੁਆਰਾ ਪੰਜਾਬ ਵਿਚ ਚਲਾਈ ਜਾ ਰਹੀ 'ਨਸ਼ਾ ਮੁਕਤੀ ਯਾਤਰਾ' ਦੀ ਤਿੱਖੀ ਆਲੋਚਨਾ ਕਰਦਿਆਂ, ਉਨ੍ਹਾਂ ਦੀ ਨੈਤਿਕਤਾ ਉੱਤੇ ਸਵਾਲ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅਰਵਿੰਦ



ਕੇਜਰੀਵਾਲ ਦਾ ਪੰਜਾਬ ਨਾਲ ਕੋਈ ਸੰਵਿਧਾਨਕ ਸਬੰਧ ਨਹੀਂ ਅਤੇ ਆਮ ਆਦਮੀ ਪਾਰਟੀ ਦੇ ਕੋਲ ਪੰਜਾਬ ਦੀ ਜਨਤਾ ਅੱਗੇ ਦਰਸ਼ਾਉਣ ਲਈ ਕੋਈ ਚਿਹਰਾ ਨਹੀਂ ਬਚਿਆ, ਕਿਉਂਕਿ ਨਕਲੀ ਮੈਥੇਨੋਲ ਨਾਲ ਬਣੀ ਸ਼ਰਾਬ ਕਾਰਨ ਗਰੀਬ ਲੋਕਾਂ ਦੀਆਂ 27 ਮੌਤਾਂ ਹੋ ਚੁੱਕੀਆਂ ਹਨ। ਇਹ ਸ਼ਰਾਬ ਆਮ ਆਦਮੀ ਪਾਰਟੀ ਦੇ ਆਸ਼ੀਰਵਾਦ ਹੇਠ ਤਸਕਰੀ ਰਾਹੀਂ ਆਈ ਅਤੇ ਵਿਕੀ। ਬਿੱਟੂ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਲੀ ਦੀ ਸ਼ਰਾਬ ਮਾਫੀਆ ਦੇ ਅੱਗੇ ਆਪਣੀ ਸਰਕਾਰ ਦੀ ਸਰਦਾਰੀ ਛੱਡ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਨੂੰ ਦਿੱਲੀ ਨਸ਼ਾ ਮਾਫੀਆ ਮਾਮਲੇ ਵਿੱਚ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਦੋਸ਼ੀ ਘੋਸ਼ਿਤ ਕੀਤਾ ਹੈ ਅਤੇ ਉਹ ਹੁਣ ਇਸ ਮਾਮਲੇ ਵਿੱਚ ਜ਼ਮਾਨਤ 'ਤੇ ਹਨ। ਬਿੱਟੂ ਨੇ ਆਰੋਪ ਲਾਇਆ ਕਿ ਕੇਜਰੀਵਾਲ ਪੰਜਾਬ ਦੇ ਲੋਕਾਂ ਨਾਲ ਖਿਲਵਾੜ ਕਰ ਰਹੇ ਹਨ, ਜਦ ਉਹਨਾਂ ਨੇ ਅੱਜ ਨਵਾਂਸ਼ਹਿਰ ਦੇ ਨਗਰੋਆ ਪਿੰਡ ਵਿੱਚ ਲੋਕਾਂ ਨੂੰ ਨਸ਼ਾ ਨਾ ਕਰਨ ਦੀ ਸਹੁੰ ਦਵਾਈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਉਥੇ ਮੌਜੂਦ ਸਨ ਉਹ ਨਸ਼ੇੜੀ ਨਹੀਂ ਸਨ ਤੇ ਆਮ ਆਦਮੀ ਪਾਰਟੀ ਦੇ ਨੇਤਾਵਾਂ ਵਲੋਂ ਚਲਾਏ ਜਾਂਦੇ ਨਸ਼ਾ ਕਾਰੋਬਾਰ ਦੇ ਕਾਰਨ ਹੀ ਨਸ਼ੇ ਦੀ ਸਮੱਸਿਆ ਖੜੀ ਹੋਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਕੇਜਰੀਵਾਲ ਦਿੱਲੀ ਦੇ ਮਾਮਲਿਆਂ 'ਚ ਸਾਫ ਹੋਣ, ਫਿਰ ਪੰਜਾਬ ਨੂੰ ਉਪਦੇਸ਼ ਦੇਣ। ਉਨ੍ਹਾਂ ਉਤੇ ਗੰਭੀਰ ਦੋਸ਼ ਹਨ, ਜਿਵੇਂ ਕਿ ਸ਼ਰਾਬ ਘੋਟਾਲਾ। ਬਿੱਟੂ ਨੇ ਕਿਹਾ ਕਿ ਉਹ 2009 ਵਿੱਚ ਪੂਰੇ ਪੰਜਾਬ ਵਿਚ ਨਸ਼ਾ ਖਿਲਾਫ ਯਾਤਰਾ ਕਰ ਚੁੱਕੇ ਹਨ ਤੇ ਉਹ ਪੰਜਾਬ ਦੀ ਨਬਜ਼ ਨੂੰ ਸਮਝਦੇ ਹਨ। ਲੋਕ ਨਸ਼ਾ ਨਹੀਂ ਕਰਨਾ ਚਾਹੁੰਦੇ, ਪਰ ਨਸ਼ਿਆਂ ਦੀ ਆਸਾਨ ਉਪਲਬਧਤਾ ਨੇ ਨੌਜਵਾਨੀ ਨੂੰ ਖਤਰੇ ਵਿੱਚ ਪਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਅਤੇ ਡੀਜੀਪੀ ਨਸ਼ੇ ਦੀ ਬਰਾਮਦਗੀ ਦੇ ਝੂਠੇ ਅੰਕੜੇ ਮੀਡੀਆ ਸਾਹਮਣੇ ਰੱਖ ਰਹੇ ਹਨ, ਪਰ ਅਸਲ 'ਚ ਪਿੱਛੇ ਇੱਕ ਵਿਅਕਤੀਗਤ ਢੰਗ ਨਾਲ ਚਲਾਇਆ ਜਾ ਰਿਹਾ ਨਸ਼ਾ ਅਤੇ ਸ਼ਰਾਬ ਰੈਕਟ ਹੈ। ਕੇਜਰੀਵਾਲ ਦਾ ਇਹ ਦਾਅਵਾ ਕਿ ਉਹਨਾਂ ਦੀ ਪਾਰਟੀ ਦਾ ਕੋਈ ਵਿਧਾਇਕ ਨਸ਼ਾ ਨਹੀਂ ਕਰਦਾ, ਇਸ ਉੱਤੇ ਵੀ ਉਨ੍ਹਾਂ ਨੇ ਸਵਾਲ ਚੁੱਕੇ।

### ਪੀਲਾ ਰੰਗ ਦੇਖਕੇ ਪੰਜਾਬ ਦੇ ਹੈਲੀਕਾਪਟਰ ਨੂੰ ਕੇਜਰੀਵਾਲ ਨੇ ਸਮਝਿਆ ਟੈਕਸੀ

## ਦਿੱਲੀ ਦੇ ਮਾਲਕਾਂ ਨੂੰ ਖੁਸ਼ ਕਰਨ ਲਈ ਪੰਜਾਬੀਆਂ ਦੇ ਪੈਸੇ ਦੀ ਬਰਬਾਦੀ

ਚੰਡੀਗੜ੍ਹ, 17 ਮਈ (ਆਵਾਜ਼ਿ ਕੌਮ ਬਿਊਰੋ)– ਪੰਜਾਬ ਸਰਕਾਰ ਦੇ ਹੈਲੀਕਾਪਟਰ ਨੂੰ ਲੈ ਕੇ ਦਿੱਲੀ ਵਿੱਚ ਰਾਜਨੀਤੀ ਸ਼ੁਰੂ ਹੋ ਗਈ ਹੈ। ਆਮ ਆਦਮੀ ਪਾਰਟੀ ਦੀ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਤੋਂ ਇਲਾਵਾ, ਭਾਜਪਾ, ਕਾਂਗਰਸ ਤੇ ਅਕਾਲੀ ਦਲ ਦੇ ਆਗੂਆਂ ਨੇ ਵੀ 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਦੇ ਪੰਜਾਬ



ਦੌਰੇ ਤੇ ਸਰਕਾਰੀ ਹੈਲੀਕਾਪਟਰ ਦੀ ਵਰਤੋਂ 'ਤੇ ਸਵਾਲ ਚੁੱਕੇ ਹਨ। ਇਹ ਸਾਰਾ ਵਿਵਾਦ ਇੱਕ ਫੋਟੋ ਨੂੰ ਲੈ ਕੇ ਸ਼ੁਰੂ ਹੋਇਆ ਸੀ। ਇਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਮੁੱਖ ਮੰਤਰੀ ਭਗਵੰਤ ਮਾਨ ਨਾ ਸਿਰਫ਼ ਸਾਡੇ ਸੂਬੇ ਨੂੰ ਅਰਵਿੰਦ ਕੇਜਰੀਵਾਲ ਅਤੇ ਮੁਨੀਸ਼ ਸੀਸੋਦੀਆ ਦੇ ਹਵਾਲੇ ਕਰਕੇ ਪੰਜਾਬੀਆਂ ਦੇ ਵਿਸ਼ਵਾਸ ਨਾਲ ਧੋਖਾ ਕਰ ਰਿਹਾ ਹੈ, ਬਲਕਿ ਸਰਕਾਰੀ ਹੈਲੀਕਾਪਟਰ ਦੀ ਬੇਲੋੜੀ ਦੁਰਵਰਤੋਂ ਦੀ ਇਜਾਜ਼ਤ ਵੀ ਦੇ ਰਿਹਾ ਹੈ। ਆਪਣੇ ਦਿੱਲੀ ਦੇ ਮਾਲਕਾਂ ਨੂੰ ਖੁਸ਼ ਕਰਨ ਲਈ ਪੰਜਾਬੀਆਂ ਦੇ ਪੈਸੇ ਦੀ ਬਰਬਾਦੀ ਕਰਨ ਅਤੇ ਉਨ੍ਹਾਂ ਨੂੰ ਇੱਧਰ–ਉੱਧਰ ਲਿਜਾ ਕੇ ਕੰਡਕਟਰ ਵਜੋਂ ਕੰਮ ਕਰਨ ਨਾਲ ਪੰਜਾਬ ਦਾ ਮਾਣ ਵੀ ਘਟਿਆ ਹੈ। ਪੰਜਾਬੀ ਜਲਦੀ ਹੀ ਤੁਹਾਨੂੰ ਜਵਾਬਦੇਹ ਬਣਾਉਣਗੇ। ਤੁਹਾਨੂੰ ਆਪਣੇ ਕੰਮਾਂ ਦੇ ਨਤੀਜੇ ਭੁਗਤਣੇ ਪੈਣਗੇ। ਪੰਜਾਬ ਦੇ ਖਜ਼ਾਨੇ ਦੀ ਕੀਤੀ ਦੁਰਵਰਤੋਂ ਦੇ ਇੱਕ ਇੱਕ ਪੈਸੇ ਦੀ ਵਸੂਲੀ ਤੇਰੇ ਕੋਲੋਂ ਕੀਤੀ ਜਾਵੇਗੀ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਤਸਵੀਰ ਵਿੱਚ ਅਰਵਿੰਦ ਕੇਜਰੀਵਾਲ ਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਵੀ ਪੰਜਾਬ ਸਰਕਾਰ ਦੇ ਹੈਲੀਕਾਪਟਰ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਦਿਖਾਈ ਦੇ ਰਹੇ ਹਨ। ਸਵਾਤੀ ਮਾਲੀਵਾਲ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਪੋਸਟ ਕੀਤਾ ਅਤੇ ਲਿਖਿਆ– ਪੰਜਾਬ ਸਰਕਾਰ ਦਾ ਹੈਲੀਕਾਪਟਰ ਪੀਲੇ ਰੰਗ ਦਾ ਸੀ, ਕੇਜਰੀਵਾਲ ਨੇ ਇਸਨੂੰ ਟੈਕਸੀ ਸਮਝ ਲਿਆ... ਕਾਂਗਰਸ ਦੇ ਗੁਰਦਾਸਪੁਰ ਤੋਂ ਲੋਕ ਸਭਾ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਤਿੰਨੋ ਆਮ ਆਦਮੀ ਇਸ ਵਾਰ ਸਰਕਾਰੀ ਉੱਡਣਖਟੋਲੇ 'ਚ ਉੱਡ ਚੱਲੇ ਪੰਜਾਬ ਦੀ "ਨਸ਼ਾ ਮੁਕਤੀ ਯਾਤਰਾ" ਲਈ ਪਾਰਟੀ ਨੇ ਇਸ ਪਵਿੱਤਰ ਮਿਸ਼ਨ ਦੇ ਲਈ ਬਿਲਕੁਲ ਸਹੀ ਲੋਕ ਚੁਣੇ ਹਨ। ਵੈਸੇ ਤਾਂ ਇਨ੍ਹਾਂ ਨੂੰ VIP ਸੁਵਿਧਾਵਾਂ ਤੋਂ ਐਲਰਜੀ ਹੈ...ਲੇਕਿਨ ਕਿ ਕਰੀਏ, ਪੰਜਾਬ ਨੂੰ ਜਲਦੀ ਨਸ਼ਾ ਮੁਕਤ ਕਰਨਾ ਸੀ, ਤਾਂ ਕਰਕੇ ਹੈਲੀਕਾਪਟਰ ਵਰਤਣਾ ਪਿਆ। ਆਮ ਆਦਮੀ ਹਨ, ਪਰ ਉੱਡਦੇ ਖਾਸ ਤਰੀਕੇ ਨਾਲ ਹਨ ।

### ਸੰਸਾਰ 'ਤੇ ਛਾਏ ਸੰਕਟ ਦੇ ਬੱਦਲ !

## ਕੋਰੋਨਾ ਦੀ ਨਵੀਂ ਲਹਿਰ ਨੇ ਦਿੱਤੀ ਦਸਤਕ, ਏਸ਼ੀਆ ਦੇ ਦੇਸ਼ਾਂ 'ਚ ਕੋਵਿਡ-19 ਕਾਰਨ ਹੜਕੰਪ

ਨਵੀਂ ਦਿੱਲੀ, 17 ਮਈ (ਆਵਾਜ਼ਿ ਕੌਮ ਬਿਊਰੋ)–ਕੀ ਕੋਰੋਨਾ ਦੁਨੀਆ ਤੋਂ ਖ਼ਤਮ ਹੋ ਗਿਆ ? ਜੇ ਤੁਸੀਂ ਸੋਚ ਰਹੇ ਹੋ ਕਿ ਜਿੱਥੇ ਕੋਵਿਡ–19 ਨੇ ਸਾਰੀ ਦੁਨੀਆ ਨੂੰ ਹਿਲਾ ਕੇ ਰੱਖ ਦਿੱਤਾ ਸੀ, ਉਹ ਬਿਮਾਰੀ ਹੁਣ ਖ਼ਤਮ ਹੋ ਚੁੱਕੀ ਹੈ, ਤਾਂ ਇਹ ਤੁਹਾਡੀ ਗਲਤੀ ਹੈ। ਹਾਂ, ਦੁਨੀਆ ਵਿੱਚ ਫਿਰ ਤੋਂ ਕੋਰੋਨਾ ਹੌਲੇ–ਹੌਲੇ ਆਪਣੇ ਪੈਰ ਫੈਲਾ ਰਿਹਾ ਹੈ। ਏਸ਼ੀਆ ਵਿੱਚ ਕੋਰੋਨਾ ਵਾਇਰਸ ਨੇ ਚੁੱਪਕੇ–ਚੁੱਪਕੇ ਦਸਤਕ ਦੇ ਦਿੱਤੀ ਹੈ। ਹੌਂਗਕੌਂਗ ਤੋਂ ਲੈ ਕੇ ਸਿੰਗਾਪੁਰ ਤੱਕ ਕੋਰੋਨਾ ਦੇ ਨਵੇਂ ਮਾਮਲੇ ਵੱਧ ਰਹੇ ਹਨ, ਜਿਸ ਕਾਰਨ ਹੈਲਥ ਅਧਿਕਾਰੀਆਂ ਵਿੱਚ ਚਿੰਤਾ ਵਧ ਗਈ ਹੈ। ਕੋਰੋਨਾ ਮਾਮਲਿਆਂ ਵਿੱਚ ਆਈ ਇਸ ਤੇਜ਼ੀ ਨੇ ਪੂਰੇ ਏਸ਼ੀਆ ਵਿੱਚ ਕੋਵਿਡ ਦੀ ਨਵੀਂ



ਲਹਿਰ ਆਉਣ ਦਾ ਸੰਕੇਤ ਦਿੱਤਾ ਹੈ। ਅਸਲ ਗੱਲ ਇਹ ਹੈ ਕਿ ਹੌਂਗਕੌਂਗ ਵਿੱਚ ਕੋਰੋਨਾ ਹੁਣ ਆਪਣਾ ਅਸਲ ਰੂਪ ਦਿਖਾ ਰਿਹਾ ਹੈ। ਕੋਰੋਨਾ ਵਾਇਰਸ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਸੈਂਟਰ ਫੋਰ ਹੈਲਥ ਪ੍ਰੋਟੈਕਸ਼ਨ ਵਿੱਚ ਕਮਯੂਨੀਕੇਬਲ ਡਿਜੀਜ਼ ਬ੍ਰਾਂਚ ਦੇ ਮੁਖੀ ਅਲਬਰਟ ਔ ਨੇ ਕਿਹਾ ਕਿ ਕੋਰੋਨਾ ਵਾਇਰਸ ਦੀ ਸਰਗਰਮੀ ਹੁਣ ਕਾਫੀ ਉੱਚੀ ਪੱਧਰ 'ਤੇ ਪਹੁੰਚ ਗਈ ਹੈ। ਉਹਨਾਂ ਦੱਸਿਆ ਕਿ ਕੋਵਿਡ–19 ਪਾਜ਼ਿਟਵ ਆਉਣ ਵਾਲੇ ਸੈਂਪਲਾਂ ਦਾ ਪ੍ਰਤੀਸ਼ਤ ਇੱਕ ਸਾਲ ਦੇ ਸਭ ਤੋਂ ਵੱਧ ਪੱਧਰ 'ਤੇ ਹੈ। ਕੋਰੋਨਾ ਦੇ ਮਾਮਲਿਆਂ ਦੇ ਡੇਟਾ ਵਿੱਚ ਚਿੰਤਾਜਨਕ ਵਾਧਾ ਵੇਖਣ ਨੂੰ ਮਿਲਦਾ ਹੈ। ਇਸਦਾ ਮਤਲਬ ਇਹ ਹੈ ਕਿ ਸਿਰਫ਼ ਮਾਮਲੇ ਨਹੀਂ ਵੱਧ ਰਹੇ, ਬਲਕਿ ਇਸ ਨਾਲ ਮੌਤਾਂ ਵੀ ਹੋ ਰਹੀਆਂ ਹਨ। ਹੌਂਗਕੌਂਗ ਵਿੱਚ ਕੋਰੋਨਾ ਦੇ ਮਾਮਲੇ ਅਤੇ ਇਸ ਨਾਲ ਹੋਣ ਵਾਲੀਆਂ ਮੌਤਾਂ ਲਗਭਗ ਇੱਕ ਸਾਲ ਵਿੱਚ ਆਪਣੇ ਸਭ ਤੋਂ ਵੱਧ ਪੱਧਰ 'ਤੇ ਪਹੁੰਚ ਗਈਆਂ ਹਨ। 3 ਮਈ ਵਾਲੇ ਵੀਕਐਂਡ 'ਚ ਕੋਰੋਨਾ ਵਾਇਰਸ ਕਾਰਨ ਹੌਂਗਕੌਂਗ ਵਿੱਚ 31 ਮੌਤਾਂ ਹੋਈਆਂ। ਹਾਲਾਂਕਿ ਰਾਹਤ ਦੀ ਗੱਲ ਇਹ ਹੈ ਕਿ ਹੁਣ ਵੀ ਕੋਰੋਨਾ ਦਾ ਸੰਕਰਮਣ ਪਿਛਲੇ ਦੋ ਸਾਲਾਂ ਦੇ ਚੋਟੀ ਦੇ ਪੱਧਰ ਤੱਕ ਨਹੀਂ ਪਹੁੰਚਿਆ। ਕੋਵਿਡ ਨਾਲ ਸੰਬੰਧਿਤ ਡਾਕਟਰਾਂ ਕੋਲ ਜਾਂਦੇ ਮਰੀਜ਼ਾਂ ਅਤੇ ਹਸਪਤਾਲ ਵਿੱਚ ਦਾਖਲ ਹੋਣ ਵਾਲੇ ਮਰੀਜ਼ਾਂ ਦੀ ਗਿਣਤੀ ਵਿੱਚ ਵੱਡਾ ਵਾਧਾ ਹੋਇਆ ਹੈ। ਇਹ ਸੂਚਿਤ ਕਰਦਾ ਹੈ ਕਿ 70 ਲੱਖ ਤੋਂ ਵੱਧ ਅਬਾਦੀ ਵਾਲੇ ਇਸ ਸ਼ਹਿਰ ਵਿੱਚ ਕੋਰੋਨਾ ਦਾ ਸੰਕਰਮਣ ਫੈਲ ਰਿਹਾ ਹੈ। ਆਮਤੌਰ 'ਤੇ ਸਰਦੀ ਦੇ ਮੌਸਮ ਵਿੱਚ ਸਾਹ ਨਾਲ ਸਬੰਧਤ ਵਾਇਰਸ ਵੱਧ ਸਰਗਰਮ ਹੁੰਦੇ ਹਨ। ਪਰ ਇਸ ਵਾਰੀ ਗਰਮੀ ਦੀ ਸ਼ੁਰੂਆਤ ਹੁੰਦਿਆਂ ਹੀ ਕੋਰੋਨਾ ਦੇ ਮਾਮਲੇ ਵੱਧਣ ਲੱਗੇ ਹਨ। ਇਸ ਨਾਲ ਸਾਫ ਹੋ ਜਾਂਦਾ ਹੈ ਕਿ ਕੋਰੋਨਾ ਵਾਇਰਸ ਗਰਮੀ ਵਿੱਚ ਵੀ ਤੇਜ਼ੀ ਨਾਲ ਫੈਲ ਸਕਦਾ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



**ਆਵਾਜ਼ਿ ਕੌਮ**
Daily Newspaper from U.K.
Publisher/Chief Editor
**Raghbir Singh Walsal**


E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ
## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਬੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2025 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | | | |
|---|---|---|---|---|---|
| 1 ਮਈ ਵੀਰਵਾਰ — ਜਬੋਵਾਲ — ਸ਼ਾਮ 6 ਤੋਂ 8 ਵਜੇ ਤੱਕ | 2 ਮਈ ਸ਼ੁੱਕਰਵਾਰ — ਜੱਫਰਵਾਲ — ਸ਼ਾਮ 6 ਤੋਂ 8 ਵਜੇ ਤੱਕ | 3 ਮਈ ਸ਼ਨੀਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ — ਸ਼ਾਮ 6 ਤੋਂ 8 ਵਜੇ ਤੱਕ | 4 ਮਈ ਐਤਵਾਰ — ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ — ਸ਼ਾਮ 6 ਤੋਂ 8 ਵਜੇ ਤੱਕ | 5 ਮਈ ਸੋਮਵਾਰ — ਸੱਦਾਰੰਗ — ਸ਼ਾਮ 6 ਤੋਂ 8 ਵਜੇ ਤੱਕ | |
| 6 ਮਈ ਮੰਗਲਵਾਰ — ਸਹਾਇਪੁਰ — ਸ਼ਾਮ 6 ਤੋਂ 8 ਵਜੇ ਤੱਕ | 7 ਮਈ ਬੁੱਧਵਾਰ — ਧਰਦਿਓ — ਸ਼ਾਮ 6 ਤੋਂ 8 ਵਜੇ ਤੱਕ | 8 ਮਈ ਵੀਰਵਾਰ — ਬਾਬੋਵਾਲ — ਸ਼ਾਮ 6 ਤੋਂ 8 ਵਜੇ ਤੱਕ | 9 ਮਈ ਸ਼ੁੱਕਰਵਾਰ — ਭਲਾਈਪੁਰ ਪੂਰਬਾ — ਸ਼ਾਮ 6 ਤੋਂ 8 ਵਜੇ ਤੱਕ | 10 ਮਈ ਸ਼ਨੀਵਾਰ — ਗੁ: ਕੰਧ ਸਾਹਿਬ ਬਟਾਲਾ — ਸ਼ਾਮ 6 ਤੋਂ 8 ਵਜੇ ਤੱਕ | |
| 11 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ — ਸ਼ਾਮ 6 ਤੋਂ 8 ਵਜੇ ਤੱਕ | 12 ਮਈ ਸੋਮਵਾਰ — ਲੀਲ ਕਲਾਂ — ਸ਼ਾਮ 6 ਤੋਂ 8 ਵਜੇ ਤੱਕ | 13 ਮਈ ਮੰਗਲਵਾਰ — ਸੂਸਾ — ਸ਼ਾਮ 6 ਤੋਂ 8 ਵਜੇ ਤੱਕ | 14 ਮਈ ਬੁੱਧਵਾਰ — ਸਿਆਲਕਾ — ਸ਼ਾਮ 6 ਤੋਂ 8 ਵਜੇ ਤੱਕ | 15 ਮਈ ਵੀਰਵਾਰ — ਚੌਣੇ — ਸ਼ਾਮ 6 ਤੋਂ 8 ਵਜੇ ਤੱਕ | |
| 16 ਮਈ ਸ਼ੁੱਕਰਵਾਰ — ਨਵਾਂ ਪਿੰਡ — ਸ਼ਾਮ 6 ਤੋਂ 8 ਵਜੇ ਤੱਕ | 17 ਮਈ ਸ਼ਨੀਵਾਰ — ਗੁ: ਸੰਗਤਪੁਰਾ ਬਥਵਾਲਾ ਗੁਰਦਾਸਪੁਰ — ਸ਼ਾਮ 6 ਤੋਂ 8 ਵਜੇ ਤੱਕ | 18 ਮਈ ਐਤਵਾਰ — ਧਰਮੂਚੱਕ — ਸ਼ਾਮ 6 ਤੋਂ 8 ਵਜੇ ਤੱਕ | 19 ਮਈ ਸੋਮਵਾਰ — ਕਾਹਲਵਾਂ — ਸ਼ਾਮ 6 ਤੋਂ 8 ਵਜੇ ਤੱਕ | 20 ਮਈ ਮੰਗਲਵਾਰ — ਉੱਦੋ ਨੰਗਲ ਖੁਰਦ — ਸ਼ਾਮ 6 ਤੋਂ 8 ਵਜੇ ਤੱਕ | |
| 21 ਮਈ ਬੁੱਧਵਾਰ — ਸਠਿਆਲਾ — ਸ਼ਾਮ 6 ਤੋਂ 8 ਵਜੇ ਤੱਕ | 22 ਮਈ ਵੀਰਵਾਰ — ਢਪਈਆ — ਸ਼ਾਮ 6 ਤੋਂ 8 ਵਜੇ ਤੱਕ | 23 ਮਈ ਸ਼ੁੱਕਰਵਾਰ — ਵੀਲਾ/ਮੀਕੇ — ਸ਼ਾਮ 6 ਤੋਂ 8 ਵਜੇ ਤੱਕ | 24 ਮਈ ਸ਼ਨੀਵਾਰ — ਬੁਤਾਲਾ — ਸ਼ਾਮ 6 ਤੋਂ 8 ਵਜੇ ਤੱਕ | 25 ਮਈ ਐਤਵਾਰ — ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ, ਚੌਧਰੀਵਾਲ ਸ਼ਾਮ 7 ਤੋਂ 9 ਵਜੇ ਤੱਕ | |
| 26 ਮਈ ਸੋਮਵਾਰ — ਜਲਾਲ ਉਸਮਾਂ — ਸ਼ਾਮ 6 ਤੋਂ 8 ਵਜੇ ਤੱਕ | 27 ਮਈ ਮੰਗਲਵਾਰ — ਜੇਠੂਵਾਲ — ਸ਼ਾਮ 6 ਤੋਂ 8 ਵਜੇ ਤੱਕ | 28 ਮਈ ਬੁੱਧਵਾਰ — ਗੁ: ਰਾਮ ਥੰਮਣ ਸਾਹਿਬ ਮਨੇਸ਼ — ਸ਼ਾਮ 6 ਤੋਂ 8 ਵਜੇ ਤੱਕ | 29 ਮਈ ਵੀਰਵਾਰ — ਮੈਹਣੀਆ ਕੁਹਾਰਾ — ਸ਼ਾਮ 6 ਤੋਂ 8 ਵਜੇ ਤੱਕ | 30 ਮਈ ਸ਼ੁੱਕਰਵਾਰ — ਮਹਿਤਾ ਚੌਂਕ — ਸ਼ਾਮ 6 ਤੋਂ 8 ਵਜੇ ਤੱਕ | 31 ਮਈ ਸ਼ਨੀਵਾਰ — ਚਾਟੀਵਿੰਡ — ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 95171-76191, 84376-91626

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

# 2 ਜੂਨ ਨੂੰ ਪਿੰਡ ਰੋਡੇ ਪਹੁੰਚੋ





ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ

ਆਵਾਜ਼ਿ ਕੌਮ AWAZE QAUM
International Newspaper & WEB TV

ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ ਭੁਝੰਗੀਆਂ

ਛੋਟਾ ਘੱਲੂਘਾਰਾ ਕਹਾਨੂੰਵਾਨ ਗੁਰਦਾਸਪੁਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**17 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

18 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਰਜੀਤ ਸਿੰਘ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸ਼ੇਅਰ ਜ਼ਰੂਰੀ ਕਰਨਾ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ੴ ਸਤਿਗੁਰੂ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ਼੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV

ਸਜਣ ਮੇਰੇ ਰੰਗੁਲੇ ਜਾਇ ਸੁਤੇ ਜੀਰਾਣਿ ॥



# ਸ. ਅਮਰਦੀਪ ਸਿੰਘ ਮਾਨ

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰ ਯੋਗ ਸ. ਅਮਰਦੀਪ ਸਿੰਘ ਮਾਨ ਜੀ 09-05-2025 ਨੂੰ ਗੁਰੂ ਚਰਨਾ ਵਿਚ ਜਾ ਬਿਰਾਜੇ ਹਨ। ਉਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ

## ਕੀਰਤਨ ਅਤੇ ਅੰਤਿਮ ਅਰਦਾਸ

ਮਿਤੀ 18.05.2025 ਦਿਨ ਐਤਵਾਰ ਸਮਾਂ 12.00 ਤੋਂ 1.00 ਗੁਰਦੁਵਾਰਾ ਬਾਬਾ ਸ਼੍ਰੀ ਚੰਦ, ਪਿੰਡ ਜਲਾਲ ਅੰਮ੍ਰਿਤਸਰ ਵਿਖੇ ਪਵੇਗਾ।

----ਗੁਰੂ ਦੇ ਭਾਣੇ 'ਚ----

| | |
|---|---|
| ਇਕਬਾਲ ਸਿੰਘ (ਭਰਾ) | 98159-61271 |
| ਕੰਵਰਦੀਪ ਸਿੰਘ (ਭਰਾ) | 98153-60270 |
| ਇੰਸਪੈਕਟਰ ਸਰਵਣ ਪਾਲ ਸਿੰਘ (ਭਰਾ) | 97639-00003 |

(ਸਮੂਹ ਮਾਨ ਪਰਿਵਾਰ)

ਆਵਾਜ਼ਿ ਕੌਮ AWAZE QAUM International Newspaper & WEB TV




# ਭਾਰਤ-ਪਾਕਿ ਜੰਗ ਸਮੇਂ ਪੰਜਾਬ ਨੂੰ ਪਿੱਠ ਦੇਣ ਵਾਲੇ ਲੋਕ



**ਪਰਮਿੰਦਰ ਸਿੰਘ ਬੱਲ**
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਕਿਸੇ ਵੀ ਸੰਕਟ ਦਾ ਸਾਹਮਣਾ ਕਰਨ ਸਮੇਂ, ਆਮ ਇਨਸਾਨ ਦੀਆਂ ਕਈ ਮਜਬੂਰੀਆਂ ਹੁੰਦੀਆਂ ਹਨ ।ਜਦ ਉਹ ਹਰ ਕੋਸ਼ਿਸ ਕਰਨ ਦੇ ਬਾਵਜੂਦ ਵੀ ਪੂਰਾ ਨਹੀਂ ਉਤਰਦਾ । ਸਮਾਜ ਉਸ ਦੇ ਹਾਲਾਤ ਨੂੰ ਜਾਣਦਾ ਹੋਇਆ, ਹਮੇਸ਼ਾ ਸਤਕਾਰ ਕਰਦਾ ਹੈ ।ਪਰ ਜੇ ਬੰਦਾ ਸ਼ੇਰ ਹੋਣ ਦਾ ਦਾਅਵਾ ਕਰਦਾ ਰਿਹਾ ਹੋਵੇ । ਪਰ ਕੌਮੀ ਸੰਕਟ ਸਮੇਂ ਕਿਸੇ ਮਜਬੂਰੀ ਦਾ ਹਵਾਲਾ ਦਿੱਤੇ ਬਿਨਾਂ, ਦੁਮ ਦੁੰਬਾ ਕੇ ਨਿਕਲ ਤੁਰੇ ।ਸਮਾਜ ਨੂੰ ਪਿੱਠ ਦਿਖਾ ਕੇ ਦੁਸ਼ਮਨ ਦੀ ਬੁਕਲ ਵਿੱਚ ਜਾ ਵੜੇ । ਉਸ ਦੀ ਔਕਾਤ ਤੇ ਕੀ ਪੈਮਾਨਾ ਢੁੱਕਦਾ ਹੈ ? ਬੀਤੇ ਦਿਨੀ ਭਾਰਤ - ਪਾਕਿਸਤਾਨ ਜੰਗ ਦੌਰਾਨ ਸਾਡੇ ਪੰਜਾਬੀ ਪਰਵਾਰ ਪੂਰੇ ਪੰਜਾਬ ਵਿੱਚ ਜ਼ਿੰਦਗੀ ਮੌਤ ਦੇ ਖਤਰੇ ਦੇ ਘੇਰੇਵਿਚ ਘਿਰੇ ਹੋਏ ਸਨ ।ਇਸੇ ਸਮੇਂ ਸਾਡੇ ਪੰਜਾਬ ਵਿੱਚ ਹੀ ਕੁਝ ਜੰਮੇ/ ਪਲੇ ਲੋਕ , ਪਿੱਠ ਦੇ ਕੇ 'ਨੀਰੋ-ਬੰਸਰੀ' ਵਜਾ ਰਹੇ ਸਨ ।ਭਾਰਤ -ਪਾਕਿ ਦੀ ਜੰਗ ਦੀ ਬੁਨਿਆਦ , ਉਸ ਸਮੇਂ ਤੋਂ ਹੀ ਬੰਨ੍ਹੀ ਜਾ ਚੁੱਕੀ ਸੀ ।ਜਦ 1947 ਵਿੱਚ ਪੂਰਾ ਪੰਜਾਬ ਦੋ ਹਿੱਸਿਆਂ ਵਿੱਚ ਵੰਡ ਕੇ ,ਇੱਕ ਪਾਕਿਸਤਾਨ ਤੇ ਦੂਜਾ ਭਾਰਤੀ ਸਟੇਟ ਪੰਜਾਬ ।ਇਹ ਸਿਰਫ ਵੰਡ ਹੀ ਨਹੀਂ ਹੋਈ , ਸਗੋਂ ਨਫ਼ਰਤ ਦੀਆਂ ਖ਼ੂਨੀ ਕੰਧਾਂ ਤੇ ਉਸਰੇ ਦੋ ਪੰਜਾਬ ਬਣਾਏ ਗਏ। ਲੱਖਾਂ ਪੰਜਾਬੀਆਂ ਨੇ ਇੱਕ ਦੂਜੇ ਦੇ ਕਤਲ ਕਰਕੇ ,ਇਸ ਵੰਡ ਨੂੰ ਖ਼ੂੰਨੀ ਖ਼ੁੰਖਾਰ ਦੁਆਰਾ ਕਬੂਲ ਕੀਤਾ ।ਉਸੇ ਸਮੇਂ ਤੋਂ ਵੰਡ ਹੋਣ ਦੇ ਬਾਵਜੂਦ ਵੀ ਪਾਕਿਸਤਾਨ ਵੇ 1947 ਉਪਰੰਤ ਹੀ ਕਬਾਇਲੀਆਂ ਨੂੰ ਅੱਗੇ ਲਾ ਕੇ ਕਸ਼ਮੀਰੀ ਸਟੇਟ ਤੇ ਕਬਜ਼ਾ ਕਰਨ ਦੀ ਨੀਤੀ ਬਣਾਈ ।1948 ਦੌਰਾਨ ਪਹਿਲੀ ਜੰਗ ਹੋਈ, ਸਿੱਟੇ ਵਜੋਂ ਅੱਜ ਕਸ਼ਮੀਰੀ ਲੋਕ ਵੀ ਦੋ ਹਿੱਸਿਆਂ ਵਿੱਚ ਵੰਡੇ ਚਲੇ ਆ ਰਹੇ ਹਨ ।ਪਾਕਿਸਤਾਨ ਨੇ ਸੱਦਾ ਉਸ ਦੇ ਕਬਜ਼ੇ ਦੇ ਕਸ਼ਮੀਰ ਨੂੰ ਅੱਤਵਾਦੀ ਸਰਗਰਮੀਆਂ ਦੇ ਅੱਡੇ ਬਣਾਈ ਰੱਖਿਆ ।ਅਨੇਕਾਂ ਹਾਦਸਿਆਂ ਉਪਰੰਤ ਅੱਜ ਪਹਿਲਗਾਮ ਦਾ ਹਾਦਸਾ ਉਸੇ ਪਾਕਿਸਤਾਨੀ ਨੀਤੀ ਦਾ ਹੀ ਹਿੱਸਾ ਸੀ। , ਕਿ ਨਿਰਦੋਸ਼ ਸੈਲਾਨੀਆਂ ਦਾ ਹਿੰਦੂ ਪਹਿਚਾਨ ਦੱਸ ਕੇ ਕਤਲ ਕੀਤੀ ਗਿਆ ।ਇੱਥੇ ਜਦ ਕਿ ਭਾਰਤ ਸਰਕਾਰ ਦਾ ਐਕਸ਼ਨ ਬਿਲਕਲ ਸਹੀ ਸੀ । ਪਰੰਤੂ ਕੁਝ ਮੌਕਾਪਰਸਤ ਸਿੱਖ ਚਿਹਰਿਆਂ ਸੁਰਿੰਦਰ/ਸਤਲੁਜ , ਪੰਨੂੰ ਤੇ ਕੁਝ ਹੋਰ ਨੇ ਪਾਕਿਸਤਾਨ ਦੀ ਪਿੱਠ ਪੂਰੀ ।ਇਹ ਬਹੁਤੇ ਪੂਰਬੀ ਪੰਜਾਬ ਦੇ ਜੰਮੇ ਪੱਲੇ ਲੋਕ , ਆਪਣੇ ਹੀ ਲੋਕਾਂ ਦੇ ਵਿਰਧ ਹੋ ਤੁਰੇ ।ਕੀ ਇਹਨਾ ਦੀ ਗੈ਼ਰਤ ਨੇ ਇਹਨਾਂ ਨੂੰ ਜ਼ਰਾ ਵੀ ਨਹੀਂ ਕੋਸਿਆ ਕਿ ਤੁਸੀ , ਆਪਣੀ ਜਨਮ ਭੂਮੀ ਨਾਲ ਗਦਾਰੀ ਕਿਉਂ ਕਰਦੇ ਹੋ ।ਉਹ ਵੀ ਉਸ ਸਮੇਂ ਜਦੋਂ ਤੁਹਾਡੇ ਪੰਜਾਬੀ, ਖ਼ਾਸਕਰ ਸਿੱਖ ਅਤੇ ਰਿਸ਼ਤੇਦਾਰ ਪਾਕਿਸਤਾਨੀ ਗੋਲੀਬਾਰੀ ਦਾ ਸਾਹਮਣਾ ਕਰ ਰਹੇ ਸਨ ।ਆਪਣਿਆ ਨੂੰ ਇਸ ਤਰਾਂ ਪਿੱਠ ਦੇ ਕੇ , ਚੰਡਿਆਂ ਚ ਪੂਛ ਲੈ ਕੇ ਪਾਕਿਸਤਾਨੀ ਚੌਂਕੀ ਭਰਨੀ , ਕੀ ਮਾਨੇ ਰੱਖਦੀ ਹੈ ਜਾਂ ਕਿੱਡਾ ਵੱਡਾ ਅਪਰਾਧ ਹੈ ? ਇਹ ਕਹੀ ਗਈ ਹਕੀਕਤ ਹੈ ਕਿ , ਪੰਜਾਬ ਦੀ ਮਿੱਟੀ

**ਆਵਾਜ਼ਿ ਕੌਮ AWAZE QAUM**
**International Newspaper & WEB TV**

ਆਪਣੇ ਜੰਮੇ ਪੁੱਤਰਾਂ , ਅਹਿਲਕਾਰਾਂ ਨੂੰ ਉਹਨਾਂ ਦੇ ਪਿਆਰ ਸਦਕਾ ਹਮੇਸ਼ਾ ਕਲਾਵੇ ਵਿੱਚ ਪਲੋਸਦੀ ਤੇ ਨਿੱਘ ਦਿੰਦੀ ਹੈ ।ਇਸੇ ਮਿੱਟੀ ਦੀ ਦੂਸਰੀ ਖਾਸੀਅਤ ਇਹ ਵੀ ਹੈ ,ਕਿ ਜੋ ਲੋਕ ਇਸ ਦੇ ਖੈਰਖਾਹ ਨਹੀਂ , ਧੋਖਾ ਦਿੰਦੇ ਹਨ , ਉਸ ਨੂੰ ਇਹ ਬਿਲਕੁਲ ਪਰੇ ਕਰ ਦਿੰਦੀ ਹੈ । ਇਤਿਹਾਸ ਗਵਾਹ ਹੈ , ਜਿਸ ਨੇ ਇਸ ਨਾਲ ਸਨੇਹ ਪੁਗਾਇਆ , ਉਸ ਦੀਆਂ ਇੱਥੇ ਜੜ੍ਹਾਂ ਸਦੀਵੀ ਪੱਕੀਆਂ ਰਹੀਆਂ ।ਜਿੰਨਾਂ ਦਗਾ ਦਿੱਤਾ , ਲੁੱਟਿਆ , ਉਹ ਇੱਥੇ ਟਿਕ ਨਹੀਂ ਸਕੇ ।ਅੱਜ ਭਾਵੇਂ ਪੰਜਾਬੀ , ਪ੍ਰਦੇਸ਼ਾਂ ਵਿੱਚ ਵਸੇ ਹਨ , ਜੋ ਜਨਮ ਭੂਮੀ ਦੇ ਖੈਰਖਾਹ ਹਨ , ਉਹ ਪੰਜਾਬ ਜਾਂਦੇ , ਆਪਣੇ ਸਿੱਖ , ਪੰਜਾਬੀ ਪਰਵਾਰਾਂ , ਰਿਸ਼ਤੇਦਾਰਾਂ ਦੇ ਦੁੱਖ ਸੁਖ ਵਿੱਚ ਨਿੱਤ ਭਾਈਵਾਲ਼ ਰਹਿੰਦੇ ਹਨ ।ਖ਼ਾਸਕਰ ਅਜਿਹੇ ਮੌਜੂਦਾ ਜੰਗੀ ਸੰਕਟ ਸਮੇਂ ਸਗੋ ਜਿਆਦਾ ਚਿੰਤਤ ਹਨ ।ਪਰ ਜੋ ਲੋਕ ਦੁਸ਼ਮਣ ਦੀ ਕਠਪੁਤਲੀ ਬਣੇ ਤੇ ਆਪਣਿਆਂ ਦਾ ਘਾਣ ਦੇਖ ਕੇ ਖ਼ੁਸ਼ ਹਨ । ਉਹ ਲੋਕ ਬਦੇਸ਼ ਵੱਸਦੇ ਵੀ ਉਜਾੜੇ ਦੇ ਰੂਪ ਹਨ ।ਪੰਜਾਬ ਤੇ ਪੰਜਾਬ ਦੇਸ਼ ਦੇ ਅਕ੍ਰਿਤਘਣ ਤੇ ਨਿਕਾਰੇ ਲੋਕ ਹਨ ।



# ਇੱਕ ਨਜ਼ਰ ...



## ਜਸ਼ਨਦੀਪ ਕੌਰ ਨੇ ਐਸ ਏ ਐਸ ਨਗਰ ਜ਼ਿਲ੍ਹੇ ਵਿੱਚ ਦਸਵੀਂ ਕਲਾਸ ਦੇ ਨਤੀਜਿਆਂ ਵਿੱਚ ਇਤਿਹਾਸ ਰਚਿਆ

### ਸਮੁੱਚੇ ਜ਼ਿਲੇ ਵਿੱਚ ਜਸ਼ਨਦੀਪ ਇੱਕਲੀ ਸਥਾਨ ਹਾਸਲ ਕਰਨ ਵਾਲੀ ਵਿਦਿਆਰਥਣ

ਐਸ ਏ ਐਸ ਨਗਰ, 17 ਮਈ (ਸਰਬਜੀਤ ਸਿੰਘ ਬਨੂੜ)- ਐਸ ਏ ਐਸ ਨਗਰ ਜ਼ਿਲ੍ਹੇ ਦੀ ਸਧਾਰਣ ਪਰਿਵਾਰ ਦੀ ਤੋਂ ਆਈ ਹੋਣਹਾਰ ਵਿਦਿਆਰਥਣ ਜਸ਼ਨਦੀਪ ਕੌਰ ਨੇ 650 ਵਿੱਚੋਂ 628 ਅੰਕ ਪ੍ਰਾਪਤ ਕਰਕੇ ਦਸਵੀਂ ਕਲਾਸ ਦੇ ਨਤੀਜਿਆਂ ਵਿੱਚ ਜ਼ਿਲ੍ਹੇ ਵਿੱਚ ਸਿਰਫ਼ ਇੱਕਲੀ ਨੇ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸ ਕਾਮਯਾਬੀ ਨਾਲ ਉਸਨੇ ਸਿਰਫ਼ ਆਪਣੇ ਪਿੰਡ ਰਾਜੋਮਾਜਰਾ ਦਾ ਨਾਮ ਹੀ ਨਹੀਂ, ਸਗੋਂ ਪੂਰੇ ਜ਼ਿਲ੍ਹੇ ਦਾ ਮਾਣ ਵਧਾਇਆ ਹੈ। ਜਿਕਰਯੋਗ ਹੈ ਕਿ ਬਿਨਾਂ ਕਿਸੇ ਟਿਊਸ਼ਨ ਦੀ ਸਹਾਇਤਾ ਤੋਂ ਰਹਿਤ, ਜਸ਼ਨਦੀਪ ਨੇ ਆਪਣੇ ਪਰਿਵਾਰ ਅਤੇ ਸਕੂਲ ਦੀ ਮਿਹਨਤ ਅਤੇ ਦ੍ਰਿੜਤਾ ਨਾਲ ਇਹ ਸ਼ਾਨਦਾਰ ਪ੍ਰਾਪਤੀ ਹਾਸਲ ਕੀਤੀ ਹੈ। ਸਕੂਲ ਮੁਖੀ ਪਰਮਜੀਤ ਕੌਰ ਅਤੇ ਕੰਪਿਊਟਰ ਅਧਿਆਪਕਾ ਨੰਦਨੀ ਜੋਸ਼ੀ ਨੇ ਜਸ਼ਨਦੀਪ ਦੀ ਇਸ ਕਾਮਯਾਬੀ 'ਤੇ ਮਾਣ ਪ੍ਰਗਟ ਕੀਤਾ ਅਤੇ ਉਸਦੇ ਮਾਪਿਆਂ ਨਾਲ ਮਿਲ ਕੇ ਉਸ ਦਾ ਮੂੰਹ ਮਿੱਠਾ ਕਰਵਾਇਆ। ਪਿੰਡ ਅਤੇ ਸਕੂਲ ਦੀਆਂ ਵੱਖ-ਵੱਖ ਸੰਸਥਾਵਾਂ ਵੱਲੋਂ ਵੀ ਜਸ਼ਨਦੀਪ ਨੂੰ ਮੁਬਾਰਕਾਂ ਅਤੇ ਭਵਿੱਖੀ ਪੜ੍ਹਾਈ ਲਈ ਸ਼ੁਭਕਾਮਨਾਵਾਂ ਭੇਜੀਆਂ ਜਾ ਰਹੀਆਂ ਹਨ। ਜਸ਼ਨਦੀਪ ਕੌਰ ਦੀ ਇਹ ਕਾਮਯਾਬੀ ਇੱਕ ਪ੍ਰੇਰਣਾ ਹੈ ਜੋ ਸਿੱਖਿਆ ਅਤੇ ਮੇਹਨਤ ਦੇ ਜਜ਼ਬੇ ਨੂੰ ਬਰਕਰਾਰ ਰੱਖਣ ਵਾਲੇ ਹਰ ਵਿਦਿਆਰਥੀ ਲਈ ਰੌਸ਼ਨੀ ਦਾ ਸੂਤਰ ਹੈ। ਸਾਡੇ ਸਮਾਜ ਲਈ ਇਹ ਗਰਵ ਦੀ ਗੱਲ ਹੈ ਕਿ ਇਸ ਤਰ੍ਹਾਂ ਦੇ ਹੁਨਰਮੰਦ ਤੇ ਲਗਨਸ਼ੀਲ ਬੱਚੇ ਆਪਣੀ ਮਿਹਨਤ ਨਾਲ ਵੱਡੀ ਉਚਾਈਆਂ ਨੂੰ ਛੂਹ ਰਹੇ ਹਨ।

## ਨਵੀਂ ਪੀੜੀ ਤੇ ਐਨਰਜੀ ਡਰਿੰਕ

ਅੱਜ ਦੇ ਸਮੇਂ ਦੀ ਸੰਵੇਦਨਸ਼ੀਲ ਸਮੱਸਿਆ ਹੈ ਐਨਰਜੀ ਡਰਿੰਕ ਦੀ ਵਧਦੀ ਵਰਤੋਂ। ਮੌਜੂਦਾ ਸਮੇਂ ਵਿੱਚ ਨਵੀਂ ਪੀੜ੍ਹੀ ਦੇ ਮੁੰਡੇ ਕੁੜੀਆਂ ਇੱਕ ਦੂਜੇ ਦੀ ਦੇਖਾ ਦੇਖੀ ਐਨਰਜੀ ਡਰਿੰਕ ਦਾ ਸੇਵਨ ਕਰਦੇ ਹਨ । ਬੇਸ਼ੱਕ ਐਨਰਜੀ ਡਰਿੰਕ ਗੈਰ-ਅਲਕੋਹਲ ਹੁੰਦੇ ਹਨ, ਪਰ ਇੰਨਾ ਵਿੱਚ ਵਿੱਚ ਕੈਫੀਨ, ਜਿਨਸੇਂਗ, ਇਨਸਿਟੋਲ, ਕਾਰਨੀਟਾਈਨ, ਬੀ-ਵਿਟਾਮਿਨ ਆਦਿ ਮੁੱਖ ਸਮੱਗਰੀ ਵਜੋਂ ਹੁੰਦੇ ਹਨ, ਜੋ ਉੱਤੇਜਕ ਦਾ ਕੰਮ ਕਰਦੇ ਹਨ। ਭਾਰਤੀ ਬਾਜ਼ਾਰ ਵਿੱਚ ਊਰਜਾ ਵਧਾਉਣ ਲਈ ਕਈ ਤਰ੍ਹਾਂ ਦੇ ਪੀਣ ਵਾਲੇ ਪਦਾਰਥ ਪੇਸ਼ ਕੀਤੇ ਜਾਂਦੇ ਹਨ। ਇਹਨਾਂ ਪੀਣ ਵਾਲੇ ਪਦਾਰਥਾਂ ਵਿੱਚ ਕੈਫੀਨ ਦੀ ਉੱਚ ਪੱਧਰੀ ਮਾਤਰਾ, ਜੋ ਦਿਮਾਗੀ ਪ੍ਰਣਾਲੀ ਨੂੰ ਉਤੇਜਿਤ ਕਰਦੀ ਹੈ। ਇਸ ਉਤੇਜਨਾ ਨੂੰ ਪ੍ਰਾਪਤ ਕਰਨ ਲਈ ਨੌਜਵਾਨ ਵਾਰ- ਵਾਰ ਇਸ ਦਾ ਸੇਵਨ ਕਰਦੇ ਹਨ। ਇਸ ਉਤੇਜਨਾ ਦਾ ਸਿੱਧਾ ਸੰਬੰਧ ਖੁਸ਼ੀ ਦੇਣ ਵਾਲੇ ਹਾਰਮੋਨ ਡੋਪਾਮਾਈਨ ਨਾਲ ਹੈ। ਇੱਥੇ ਇਹ ਗੱਲ ਜਿਕਰਯੋਗ ਹੈ ਕਿ ਡੋਪਾਮਾਈਨ ਸਾਨੂੰ ਹੋਰ ਪਦਾਰਥਾਂ ਜੋ ਕਿ ਸਾਡੀ ਸਿਹਤ ਲਈ ਵਧੀਆ ਹਨ ਜਿਵੇਂ ਕਿ ਫਲ ਕੇਲੇ ਵਿੱਚ ਸਭ ਤੋਂ ਜਿਆਦਾ ਮਿਲਦਾ ਹੈ, ਤਾਂ ਅਸੀਂ ਕੇਲਾ ਖਾ ਕੇ ਡੋਪਾਮਾਈਨ ਕਿਉਂ ਨਹੀਂ ਪ੍ਰਾਪਤ ਕਰ ਲੈਂਦੇ, ਇਸ ਲਈ ਕੋਈ ਗਲਤ ਚੀਜ਼ ਕਿਉਂ ਲੈਣੀ ਹੈ। ਜੇਕਰ ਆਪਾਂ ਨੂੰ ਐਨਰਜੀ ਦੀ ਜਰੂਰਤ ਹੀ ਹੈ ਤਾਂ ਘਰ ਦੀ ਦੇਸੀ ਖੁਰਾਕ ਖਾਓ। ਇਸ ਤਰ੍ਹਾਂ ਪ੍ਰਾਪਤ ਐਨਰਜੀ ਚਿਰਸਥਾਈ ਰਹੇਗੀ। ਇਸਦੇ ਉਲਟ ਇੰਨਾ ਬਾਜ਼ਾਰ ਵਾਲੇ ਐਨਰਜੀ ਡਰਿੰਕ ਤੋਂ ਪ੍ਰਾਪਤ ਐਨਰਜੀ ਸਿਰਫ ਕੁਝ ਮਿੰਟਾਂ ਤੱਕ ਹੀ ਰਹਿੰਦੀ ਹੈ। ਸਭ ਤੋਂ ਜਿਆਦਾ ਸੰਵੇਦਨਸ਼ੀਲ ਗੱਲ ਇਹ ਹੈ ਕਿ ਜਿਹੜੇ ਅੱਜ ਐਨਰਜੀ ਡਰਿੰਕ ਪੀ ਰਹੇ ਹਨ। ਉਹ ਆਉਣ ਵਾਲੇ ਸਮੇਂ ਵਿੱਚ ਆਪਣੀ ਸੰਗਤ ਦੇ ਅਸਰ ਨਾਲ ਬੀਅਰ ਅਤੇ ਫਿਰ ਸ਼ਰਾਬ ਦਾ ਸੇਵਨ ਜਰੂਰ ਜਿਹੜੇ ਅੱਜ ਐਨਰਜੀ ਡਰਿੰਕ ਪੀ ਰਹੇ ਹਨ। ਉਹ ਆਉਣ ਵਾਲੇ ਸਮੇਂ ਵਿੱਚ ਆਪਣੀ ਸੰਗਤ ਦੇ ਅਸਰ ਨਾਲ ਬੀਅਰ ਅਤੇ ਫਿਰ ਸ਼ਰਾਬ ਦਾ ਸੇਵਨ ਜਰੂਰ ਕਰਨਗੇ। ਉਹਨਾਂ ਨੂੰ ਪਤਾ ਹੀ ਨਹੀਂ ਲੱਗਣਾ ਕਿ ਕਦੋਂ ਉਹ ਸ਼ਰਾਬ ਪੀਣ ਦੇ ਆਦੀ ਹੋ ਗਏ। ਜਿੱਥੋਂ ਵਾਪਸ ਮੁੜਨਾ ਬਹੁਤ ਔਖਾ ਹੋ ਜਾਵੇਗਾ। ਇੱਥੇ ਇੱਕ ਗੱਲ ਹੋਰ ਅਤਿ ਸੰਵੇਦਨਸ਼ੀਲ ਹੈ, ਐਨਰਜੀ ਡਰਿੰਕ ਨੂੰ ਭਿਆਨਕ ਨਸ਼ਿਆਂ ਨਾਲ ਸਪਲੀਮੈਂਟ ਦੇ ਤੌਰ ਤੇ ਲਿਆ ਜਾ ਰਿਹਾ ਹੈ, ਜਿਸਨੇ ਕਿ ਆਉਣ ਵਾਲੇ ਸਮੇਂ ਵਿੱਚ ਸਾਡੀ ਜਵਾਨੀ ਨੂੰ ਖਤਮ ਕਰ ਦੇਣਾ ਹੈ। ਇਸ ਲਈ ਆਓ ਸਾਰੇ ਮਿਲ ਕੇ ਦੇਸ਼ ਦੀ ਖੁਰਾਕ ਵੱਲ ਜਾਈਏ। ਘਰ ਦੀ ਦੇਸੀ ਖੁਰਾਕ ਖਾਓ, ਸਰੀਰਕ ਵਰਜਿਸ਼ ਕਰੋ। ਆਪਣਾ ਜ਼ਿੰਦਗੀ ਦਾ ਨਿਸ਼ਾਨਾ ਨਿਰਧਾਰਿਤ ਕਰੋ, ਤਾਂ ਜੋ ਇੰਨਾ ਮਾੜੀਆਂ ਅਲਾਮਤਾਂ ਤੋਂ ਅਸੀਂ ਬਚ ਸਕੀਏ ਅਤੇ ਜ਼ਿੰਦਗੀ ਵਿੱਚ ਕਾਮਯਾਬ ਅਤੇ ਸਿਹਤਮੰਦ ਜ਼ਿੰਦਗੀ ਜਿਉ ਸਕੀਏ।



**ਗੁਰਿੰਦਰ ਸਿੰਘ, ਸੰਗਰੂਰ। 9872414378.**

## ਨਿਊ ਫਲਾਵਰ ਪਬਲਿਕ ਸੀ.ਸੈ. ਸਕੂਲ ਨੇ ਇਕ ਵਾਰ ਫਿਰ ਤੋਂ ਮਾਰੀ ਬਾਜੀ



ਚੌਕ ਮਹਿਤਾ, 17 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਦਸਵੀਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਜਿਸ ਵਿਚ ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਅੰਮ੍ਰਿਤਸਰ ਦੇ ਵਿਦਿਆਰਥਣ ਸਿਮਰਪ੍ਰੀਤ ਕੌਰ ਨੇ (96.62%) ਅੰਕ ਪ੍ਰਾਪਤ ਕਰਕੇ ਅੰਮ੍ਰਿਤਸਰ ਵਿਚੋਂ 19ਵਾਂ ਰੈਂਕ ਪ੍ਰਾਪਤ ਕੀਤਾ। ਦਸਵੀਂ ਦਾ ਨਤੀਜਾ ਵਧੀਆਂ ਆਉਣ ਤੇ ਚੇਅਰਮੈਨ ਸ. ਹਰਪਾਲ ਸਿੰਘ ਯੂ.ਕੇ. ਅਤੇ ਪ੍ਰਿੰਸੀਪਲ ਸ੍ਰੀਮਤੀ ਕੁਲਵਿੰਦਰ ਕੌਰ ਜੀ ਨੇ ਸਮੂਹ ਵਿਦਿਆਰਥੀਆ ਅਤੇ ਉਹਨਾਂ ਦੇ ਮਾਪੇ ਅਤੇ ਸਮੂਹ ਸਕੂਲ ਸਟਾਫ ਨੂੰ ਵਧਾਈ ਦਿੱਤੀ। ਇਸਦਾ ਸਿਹਰਾ ਸਕੂਲ ਦੇ ਅਧਿਆਪਕਾਂ, ਬੱਚਿਆ ਦੀ ਮਿਹਨਤ ਅਤੇ ਉਨ੍ਹਾਂ ਦੇ ਮਾਪਿਆ ਨੂੰ ਜਾਂਦਾ ਹੈ । ਸਕੂਲ ਦਾ ਨਤੀਜਾ ਹਰ ਸਾਲ ਵਾਂਗ ਇਸ ਵਾਰ ਵੀ 100% ਰਿਹਾ। ਅੱਜ ਮੌਕੇ ਤੇ ਹਾਜਰ ਚੇਅਰਮੈਨ ਸ. ਹਰਪਾਲ ਸਿੰਘ ਯੂ.ਕੇ., ਪ੍ਰਿੰਸੀਪਲ ਸ੍ਰੀਮਤੀ ਕੁਲਵਿੰਦਰ ਕੌਰ ਜੀ, ਵਾਈਸ ਪ੍ਰਿੰਸੀਪਲ ਤਾਨੀਆ ਭਾਟੀਆ, ਸ੍ਰੀਮਤੀ ਰਵਿੰਦਰ ਕੌਰ, ਸ੍ਰੀਮਤੀ ਜੋਯਤੀ, ਸ੍ਰੀਮਤੀ ਅਮਨਦੀਪ ਕੌਰ, ਸ੍ਰੀਮਤੀ ਬੀਨਾ, ਸ੍ਰੀਮਤੀ ਕਵਲਪ੍ਰੀਤ ਕੌਰ, ਸ੍ਰੀਮਤੀ ਸੌਨੀਆ, ਸ੍ਰੀ ਸਮੀਰ ਸਚਦੇਵਾ, ਸ. ਬਿਕਰਮਜੀਤ ਸਿੰਘ ਸੌਖੀ, ਸ. ਅਰਸ਼ਦੀਪ ਸਿੰਘ, ਸ. ਗੁਰਮੇਜ ਸਿੰਘ, ਸ੍ਰੀਮਤੀ ਸਤਿੰਦਰ ਕੌਰ ਆਦਿ ਦੁਆਰਾ ਬੱਚੇ ਦਾ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਤੇ ਸਕੂਲ ਚੇਅਰਮੈਨ ਸ. ਹਰਪਾਲ ਸਿੰਘ ਯੂ.ਕੇ. ਵਲੋਂ 5100 ਰੁਪਈਆ ਮੈਰਿਟ ਹਾਂਸਲ ਕਰਨ ਵਾਲੀ ਬੇਟੀ ਸਿਮਰਪ੍ਰੀਤ ਕੌਰ ਨੂੰ ਇਨਾਮ ਦੇ ਤੌਰ ਤੇ ਦਿੱਤਾ।

# ਸਵ: ਬੀਬੀ ਬਲਜੀਤ ਕੌਰ ਨੂੰ ਸ਼ਰਧਾਜਲੀਆਂ ਭੇਂਟ ਕੀਤੀਆਂ









ਬੀਬੀ ਬਲਜੀਤ ਕੌਰ ਧਰਮ ਸੁਪਤਨੀ ਸਰਦਾਰ ਦਰਸ਼ਨ ਸਿੰਘ ਸਾਬਕਾ ਸਰਪੰਚ ਤਾਰੂਆਣਾ ਸਿਰਸਾ ਦੀ ਅੰਤਿਮ ਅਰਦਾਸ ਸਮੇਂ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼ਰਧਾਜਲੀ ਭੇਂਟ ਕਰਦੇ ਹੋਏ ਅਤੇ ਹਾਜ਼ਰ ਸਿੱਖ ਸੰਗਤਾਂ ।

# ਧੂਰੀ ਵਿਕਾਸ ਮੰਚ ਨੇ ਜਿਲ੍ਹੇ ਭਰ ਵਿੱਚੋਂ ਅੱਵਲ ਜੋਬਨਪ੍ਰੀਤ ਕੌਰ ਦਾ ਸਨਮਾਨ ਕੀਤਾ

### ਸੰਸਥਾਂ ਨਾਮਣਾ ਖੱਟਣ ਵਾਲੇ ਹੋਰਨਾਂ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕਰੇਗੀ - ਜੱਗੀ ਢੀਂਡਸਾ



ਧੂਰੀ, 17 ਮਈ (ਰਣਜੀਤ ਸਿੰਘ ਪੇਧਨੀ )- ਅੱਜ ਧੂਰੀ ਵਿਕਾਸ ਮੰਚ ਧੂਰੀ ਵੱਲੋਂ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ ਹੇਠ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ +2 ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਜਿਲ੍ਹੇ ਭਰ ਵਿੱਚੋਂ ਅੱਵਲ ਆਉਣ ਵਾਲੀ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਧੂਰੀ ਦੀ ਵਿਦਿਆਰਥਣ ਜੋਬਨਪ੍ਰੀਤ ਕੌਰ ਦਾ ਪ੍ਰਸੰਸਾ ਪੱਤਰ, ਯਾਦਗਾਰੀ ਚਿੰਨ੍ਹ ਅਤੇ 2100 ਰੁਪੈ ਨਕਦ ਦੇ ਕੇ ਸਨਮਾਨ ਕੀਤਾ ਗਿਆ। ਸੰਸਥਾਂ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਬੱਚੀ ਜੋਬਨਪ੍ਰੀਤ ਕੌਰ ਦੀ ਪ੍ਰਾਪਤੀ ਲਈ ਉਸਨੂੰ ਆ.ਸ਼ੀਰਵਾਦ ਦਿੰਦਿਆਂ ਕਿਹਾ ਕਿ ਸੰਸਥਾਂ ਵੱਲੋਂ ਸਿੱਖਿਆ ਖੇਤਰ ਵਿੱਚ ਨਾਮਣਾ ਖੱਟਣ ਵਾਲੇ ਹੋਰ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਸੰਸਥਾਂ ਦੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਦੇਸ਼ ਦੀ ਤਰੱਕੀ ਅਤੇ ਸੁਰੱਖਿਆ ਵਿੱਚ ਲੜਕੀਆਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਡੇ ਲਈ ਫ਼ਖਰ ਦੀ ਗੱਲ ਹੈ ਕਿ ਅੱਜ ਦੇ ਸਮਾਜ ਵਿੱਚ ਲੜਕੀਆਂ ਲੜਕਿਆਂ ਦੇ ਬਰਾਬਰ ਹਰ ਖ਼ੇਤਰ ਵਿੱਚ ਯੋਗਦਾਨ ਪਾ ਰਹੀਆ ਹਨ। ਉਨ੍ਹਾਂ ਹਾਲ ਹੀ ਦੌਰਾਨ ਹਿੰਦ-ਪਾਕ ਦੇ ਕੁੜੱਤਣ ਭਰੇ ਸੰਬੰਧਾਂ ਦੇ ਸਮੇਂ ਵਿੱਚ ਲੜਕੀਆਂ ਵੱਲੋਂ ਭਾਰਤ ਦੀ ਅਗਵਾਈ ਕੀਤੇ ਜਾਣ ਨੂੰ ਵੀ ਭਾਰਤ ਲਈ ਮਾਣ ਵਾਲੀ ਗੱਲ ਦੱਸਦਿਆਂ ਮਾਪਿਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਲੜਕੀਆਂ ਦੀ ਹਰ ਸੰਭਵ ਮੱਦਦ ਕਰਨ ਦੀ ਅਪੀਲ ਵੀ ਕੀਤੀ। ਸਕੂਲ ਦੇ ਪ੍ਰਿੰਸੀਪਲ ਅਵਤਾਰ ਸਿੰਘ ਢਢੋਗਲ ਨੇ ਸੰਸਥਾਂ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਹੋਰ ਬੱਚਿਆਂ ਲਈ ਵੀ ਪ੍ਰੇਰਨਾ ਦਾਇਕ ਸਾਬਿਤ ਹੋ ਸਕਦੇ ਹਨ। ਉਨ੍ਹਾਂ ਜੋਬਨਪ੍ਰੀਤ ਦੀ ਮਾਣਮੱਤੀ ਪ੍ਰਾਪਤੀ ਲਈ ਉਸਦੀ ਮਿਹਨਤ, ਅਧਿਆਪਕਾਂ ਅਤੇ ਮਾਪਿਆਂ ਦਾ ਸਹਿਯੋਗ ਦੱਸਿਆ। ਇਸ ਮੌਕੇ ਪ੍ਰਧਾਨ ਅਮਰ ਗਰਗ, ਉੱਪ ਚੇਅਰਮੈਨ ਜਤਿੰਦਰ ਸਿੰਘ ਸੋਨੀ ਮੰਡੇਰ, ਰਾਜੇਸ਼ਵਰ ਚੌਧਰੀ, ਮਨੋਹਰ ਸਿੰਘ ਸੱਗੂ, ਐਡਵੋਕੇਟ ਮਨਿੰਦਰ ਸਿੰਘ ਢੀਂਡਸਾ, ਸੁਰਿੰਦਰਪਾਲ ਸਿੰਘ ਨੀਟਾ, ਮੋਹਿਤ ਜਿੰਦਲ, ਵਰਿੰਦਰਪਾਲ ਸਿੰਘ ਭੁੱਲਰ ਆਦਿ ਵੀ ਹਾਜਰ ਸਨ।

# ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ ਮੈਟ੍ਰਿਕ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ



ਚੌਕ ਮਹਿਤਾ, 17 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )- ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਬੋਰਡ ਪ੍ਰੀਖਿਆਵਾਂ ਦੇ ਨਤੀਜੇ ਸ਼ਾਨਦਾਰ ਰਹੇ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮੈਟ੍ਰਿਕ ਦੇ ਨਤੀਜੇ ਘੋਸ਼ਿਤ ਕੀਤੇ ਗਏ ਸਨ। ਜਿਸ ਵਿਚ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਦਸਵੀਂ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਕਾਫੀ ਪ੍ਰਸ਼ੰਸਾਯੋਗ ਰਿਹਾ। 90% ਵਿਦਿਆਰਥੀਆਂ ਨੇ 85 ਤੋਂ 90 ਪ੍ਰਤੀਸ਼ਤ ਅੰਕ ,15% ਵਿਦਿਆਰਥੀਆਂ ਨੇ 75 ਤੋਂ 85 ਪ੍ਰਤੀਸ਼ਤ ਅਤੇ 5% ਵਿਦਿਆਰਥੀਆਂ ਨੇ 90 ਤੋਂ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਅਕਾਦਮਿਕ ਖੇਤਰ ਵਿਚ ਮਾਰਕਾ ਮਾਰਿਆ ਹੈ । ਸਕੂਲ ਦੇ ਚਮਕਦੇ ਸਿਤਾਰਿਆਂ ਵਿੱਚ ਅਭੀਜੋਤ ਕੌਰ, ਜਸਕਰਨ ਸਿੰਘ, ਅਰਮਾਨਪ੍ਰੀਤ ਕੌਰ, ਦਮਨਪ੍ਰੀਤ ਕੌਰ ਨੇ 91 ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਜੈਸਮੀਨ ਕੌਰ 90%,ਦਮਨਪ੍ਰੀਤ ਕੌਰ ਅਤੇ ਪ੍ਰਿੰਸਪ੍ਰੀਤ ਸਿੰਘ ਨੇ 88% ਅੰਕ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਗਰਵ ਨਾਲ ਉੱਚਾ ਕੀਤਾ ਹੈ। ਇਨਾਂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਆਪਸ ਵਿੱਚ ਮਿਠਾਈਆਂ ਵੰਡ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ। ਸਾਰੇ ਸਕੂਲ ਵਿੱਚ ਵਧਾਈਆਂ ਦੀਆਂ ਆਵਾਜ਼ਾਂ ਗੂੰਜਣ ਲੱਗੀਆਂ। ਇਸ ਸੁਨਿਹਰੀ ਮੌਕੇ ਤੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਤੀਜੇ ਤੁਹਾਡੀ ਸਖ਼ਤ ਮਿਹਨਤ, ਲਗਨ , ਅਤੇ ਅਣਗਿਣਤ ਚੁਣੌਤੀਆਂ ਦਾ ਪ੍ਰਤੀਬਿੰਬ ਹਨ ਜਿਨ੍ਹਾਂ ਨੂੰ ਤੁਸੀਂ ਪਾਰ ਕੀਤਾ ਹੈ ਕੁਝ ਲਈ, ਇਹ ਯਾਤਰਾ ਨਿਰਵਿਘਨ ਸੀ, ਜਦੋਂ ਕਿ ਦੂਜਿਆਂ ਲਈ, ਇਹ ਰੁਕਾਵਟਾਂ ਨਾਲ ਭਰਿਆ ਰਸਤਾ ਸੀ। ਪਰ ਰਸਤਾ ਕੋਈ ਵੀ ਹੋਵੇ, ਤੁਸੀਂ ਇਸ ਬਿੰਦੂ 'ਤੇ ਪਹੁੰਚੇ, ਅਤੇ ਇਹ ਆਪਣੇ ਆਪ ਵਿੱਚ ਇੱਕ ਸ਼ਾਨਦਾਰ ਪ੍ਰਾਪਤੀ ਹੈ।ਜਿਵੇਂ-ਜਿਵੇਂ ਤੁਸੀਂ ਜ਼ਿੰਦਗੀ ਦੇ ਇਸ ਨਵੇਂ ਪੜਾਅ ਵਿੱਚ ਅੱਗੇ ਵਧਦੇ ਹੋ, ਤੁਸੀਂ ਦ੍ਰਿੜਤਾ, ਨਿਮਰਤਾ ਅਤੇ ਦਿਆਲਤਾ ਦੇ ਮੁੱਲਾਂ ਨੂੰ ਆਪਣੇ ਨਾਲ ਲੈ ਕੇ ਜਾਓ। ਤੁਸੀਂ ਕਦੇ ਵੀ ਆਪਣੇ ਟੀਚਿਆਂ ਨੂੰ ਨਜ਼ਰਅੰਦਾਜ਼ ਨਾ ਕਰੋ, ਅਤੇ ਤੁਹਾਡੇ ਦੁਆਰਾ ਚੁੱਕਿਆ ਗਿਆ ਹਰ ਕਦਮ ਤੁਹਾਨੂੰ ਉੱਚੀਆਂ ਉਚਾਈਆਂ 'ਤੇ ਲੈ ਜਾਵੇਗਾ। ਇਸ ਤੋਂ ਇਲਾਵਾ ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਸਰਦਾਰ ਸੁਖਦੇਵ ਸਿੰਘ, ਮੈਡਮ ਕੁਲਦੀਪ ਕੌਰ, ਮੈਡਮ ਰਿਤਿਕਾ, ਬਲਜੀਤ ਕੌਰ, ਗੁਰਵਿੰਦਰ ਕੌਰ,ਮਨਜੀਤ ਕੌਰ, ਸੁਪ੍ਰੀਤ ਕੌਰ, ਰੁਪਿੰਦਰ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਪੂਰਤੀ ਸ਼ਰਮਾ, ਅਮਨਦੀਪ ਕੌਰ, ਪਵਨਦੀਪ ਕੌਰ, ਨਵਨੀਤ ਕੌਰ, ਸਰਦਾਰ ਸੁਖਜੀਤ ਸਿੰਘ ,ਕਾਬਲ ਸਿੰਘ ਪੁਰਬਾ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

## ਇੱਕ ਨਜ਼ਰ ...



### ਪਿੰਡ ਸੈਦੋ ਲੇਹਲ ਵਿੱਚ ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਵੱਲੋਂ ਭਲਾਈ ਕਾਰਜਾਂ ਬਾਰੇ ਦਿੱਤੀ ਜਾਣਕਾਰੀ

ਚੌਕ ਮਹਿਤਾ, 17 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਪੰਜਾਬ ਦੇ ਮੁੱਖੀ ਜਥੇਦਾਰ ਮਨਜੀਤ ਸਿੰਘ ਦੀ ਅਗਵਾਈ ਹੇਠ ਪਿੰਡ ਸੈਦੋ ਲੇਹਲ ਵਿੱਖੇ ਇੱਕ ਮੀਟਿੰਗ ਹੋਈ। ਜਿਸ ਵਿੱਚ ਸੰਗਤਾਂ ਨੂੰ ਧੰਨ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਪੰਜਾਬ ਵੱਲੋ ਕੀਤੇ ਜਾ ਰਹੇ ਭਲਾਈ ਕਾਰਜਾਂ ਬਾਰੇ ਜਾਣਕਾਰੀ ਦਿੱਤੀ ਗਈ। ਜਿਸ ਵਿੱਚ ਹਲਕਾ ਜੰਡਿਆਲਾ ਗੁਰੂ ਵਿੱਚ ਇੱਕ ਐਬੂਲੈਂਸ ਗੱਡੀ ਦਿਨ ਰਾਤ ਹਾਜ਼ਰ ਕੀਤੀ ਗਈ ਹੈ। ਅਤੇ ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਕਰਨੇ। ਮਰੀਜਾਂ ਨੂੰ ਨਗਦ ਰਾਸੀ ਦੇਣੀ। ਅਤੇ ਹੋਰ ਬੇਅੰਤ ਸਕੀਮਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਡਾਇਰੈਕਟਰ ਭਾਈ ਮਨਜੀਤ ਸਿੰਘ, ਸਰਪੰਚ ਹਰਜੀਤ ਸਿੰਘ ਵਡਾਲਾ ਜੌਹਲ, ਪ੍ਰਧਾਨ ਹਰਵਿੰਦਰ ਸਿੰਘ ਫੋਜੀ, ਜਥੇਦਾਰ ਕਰਤਾਰ ਸਿੰਘ, ਸਤਨਾਮ ਸਿੰਘ ਆਦਿ ਸੇਵਾਦਾਰ ਹਾਜਰ ਸਨ।

### ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਬਣੀ ਲੋਕ ਲਹਿਰ: ਬਲਕਾਰ ਸਿੰਘ ਭੋਖੜਾ

ਬਠਿੰਡਾ, 17 ਮਈ (ਗੁਰਜੰਟ ਸਿੰਘ ਨਥੇਹਾ)- ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਨ ਲਈ ਹਰ ਸੰਭਵ ਕੋਸ਼ਿਸ਼ ਅਤੇ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਦੇ ਤਹਿਤ ਜਿੱਥੇ ਪੰਜਾਬ ਦੇ ਵੱਖ-ਵੱਖ ਹਲਕਿਆਂ ਵਿੱਚ ਇਹ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ ਉੱਥੇ ਹੀ ਬਠਿੰਡਾ ਜਿਲ੍ਹੇ ਦੇ ਵੀ ਸਾਰੇ ਵਿਧਾਨ ਸਭਾ ਹਲਕਿਆਂ ਦੇ ਵੱਖ-ਵੱਖ ਪਿੰਡਾਂ ਵਿੱਚ ਵੀ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਦੀ ਜਾਣਕਾਰੀ ਸਾਂਝੀ ਕਰਦੇ ਹੋਏ ਬਲਕਾਰ ਸਿੰਘ ਭੋਖੜਾ ਚੇਅਰਮੈਨ ਮਾਰਕੀਟ ਕਮੇਟੀ ਅਤੇ ਜ਼ਿਲ੍ਹਾ ਮੀਡੀਆ ਇੰਚਾਰਜ ਆਪ ਬਠਿੰਡਾ ਨੇ ਪ੍ਰੈਸ ਨਾਲ਼ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਨਸ਼ਾ ਮੁਕਤੀ ਯਾਤਰਾ' ਮੁਹਿੰਮ ਦਾ ਉਦੇਸ਼ ਨਸ਼ਾ ਪੀੜਤਾਂ ਨੂੰ ਨਸ਼ਿਆਂ ਦੇ ਜਾਲ਼ ਵਿੱਚੋਂ ਕੱਢ ਕੇ ਉਨ੍ਹਾਂ ਦਾ ਸਹੀ ਇਲਾਜ, ਕਾਊਂਸਲਿੰਗ ਤੇ ਉਨ੍ਹਾਂ ਦੇ ਪੁਨਰਵਾਸ ਲਈ ਕਿੱਤਾ ਮੁੱਖੀ ਸਿਖਲਾਈ ਦੇਣਾ ਹੈ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਤੇ ਕਾਰਵਾਈ ਕਰਕੇ ਉਹਨਾਂ ਨੂੰ ਜੇਲ੍ਹ ਵਿੱਚ ਭੇਜਣਾ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾ ਪੰਜਾਬ ਵਿੱਚ ਲੋਕ ਲਹਿਰ ਵਜੋਂ ਉਭਰ ਰਹੀ ਹੈ ਅਤੇ ਹਰ ਵਿਅਕਤੀ ਨਸ਼ੇ ਦੇ ਖ਼ਾਤਮੇ ਲਈ ਇਸ ਲਹਿਰ ਦਾ ਸਾਥ ਦੇ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਤਹਿਤ ਪੰਜਾਬ ਸਰਕਾਰ ਦਾ ਇਕੋ-ਇਕ ਉਦੇਸ਼ ਹਰ ਪਿੰਡ, ਹਰ ਸ਼ਹਿਰ ਨੂੰ ਨਸ਼ਾ ਮੁਕਤ ਕਰਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਬਹੁਤ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ ਅਤੇ ਲੋਕ ਸਰਕਾਰ ਦਾ ਸਾਥ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨਸ਼ਾ ਤਸਕਰਾਂ ਨਾਲ ਮਿਲ ਕੇ ਪੰਜਾਬ ਨੂੰ ਬਰਬਾਦ ਕਰਨ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਕੇ ਹੀ ਦਮ ਲਵੇਗੀ। ਉਹਨਾਂ ਨੇ ਕਿਹਾ ਕਿ ਪਿੰਡਾਂ, ਸ਼ਹਿਰਾਂ, ਗਲੀ ਮੁਹੱਲਿਆਂ ਵਿੱਚ ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਦੇ ਪ੍ਰੋਗਰਾਮਾਂ ਵਿੱਚ ਲੋਕ ਵੱਧ ਚੜ੍ਹ ਕੇ ਹਿੱਸਾ ਲੈ ਰਹੇ ਹਨ ਅਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਤੱਤਪਰ ਹਨ।



### .ਗ਼ਜ਼ਲ

ਖੜ੍ਹੇ ਦੋ ਉਭਰਦੇ-ਪਰਬਤ ਬਰਫ਼ ਦੇ ਆਬਗੀਨੇ ਵਿਚ।
ਖੜੱਪੇ ਝਾਂਕਦੇ ਹੋਵਣ ਜਿਵੇਂ ਤਰਦੇ ਸਫ਼ੀਨੇ ਵਿਚ।
ਕਦੋਂ ਤੀਕਰ ਤੂੰ ਸਚ ਨੂੰ ਝੂਠ ਦੇ ਨਾਲ ਤੋਲਦੇ ਰਹਿਣਾ,
ਬੜਾ ਹੀ ਫ਼ਰਕ ਹੁੰਦਾ ਯਾਰ ਪੱਥਰ ਤੇ ਨਗੀਨੇ ਵਿਚ।
ਤੇਰੇ ਚਿਹਰੇ 'ਚ ਨਕਸ਼ਾਂ ਦੇ ਇਹ ਮਿਕਨਾਤੀਸ ਪ੍ਰਸਾਧਨ,
ਜਿਵੇਂ ਜਚਦੀ ਹੈ ਫੁਲਕਾਰੀ ਸਲੀਕੇ ਤੇ ਕਰੀਨੇ ਵਿਚ।
ਸਵੇਰੇ ਸੈਰ ਕਰਕੇ ਕੌਣ ਆਇਆ ਹੈ ਹਵਾਵਾਂ ਵਿਚ,
ਇਤਰ ਦੇ ਖਿੜ੍ਹ ਰਹੇ ਦਿਲਕਸ਼ ਸ਼ਗੂਫ਼ੇ ਨੇ ਪਸੀਨੇ ਵਿਚ।
ਕਿਸੇ ਦੀ ਯਾਦ ਨੇ ਮਸਤਕ 'ਚ ਰਖ ਦਿੱਤੀਆਂ ਨੇ ਖ਼ੁਸ਼ਬੂਆਂ,
ਕਿਵੇਂ ਦੇ ਰੰਗ ਬਿਰੰਗੇ ਫੁਲ ਖਿੜ੍ਹੇ ਸਾਵਣ ਮਹੀਨੇ ਵਿਚ।
ਕੋਈ ਮੌਸਮ ਤੇਰੇ ਫਿਰ ਆਉਣ ਦਾ ਪਾਉਂਦਾ ਭੁਲੇਖਾ ਹੈ,
ਨਿਕਲਦੇ ਸਾਹ 'ਚ ਅੜ-ਅੜ ਜਾਂਦੀਆਂ ਹਾਵਾਂ ਨੇ ਸੀਨੇ ਵਿਚ।
ਹਨੇਰੀ ਫੁਲ ਉਜਾੜਣ ਵਿਚ ਕੋਈ ਵੀ ਕਸਰ ਨਈਂ ਛੱਡਦੀ,
ਰਹਿਮ ਦੀ ਆਸ ਨਈਂ ਹੁੰਦੀ ਕਦੀ ਸੱਜਣ ਕਮੀਨੇ ਵਿਚ।
ਤੁਹਾਡੀ ਗ਼ਜ਼ਲ ਦਾ ਹਰ ਸ਼ਿਅਰ ਇੰਝ ਲਗਦਾ ਹੈ ਬਾਲਮ ਜੀ,
ਘੁਲੀ ਹੋਵੇ ਗੁਲਾਬੀ ਫੁੱਲਾਂ ਦੀ ਖ਼ੁਸ਼ਬੂ ਪੁਦੀਨੇ ਵਿਚ।

**ਬਲਵਿੰਦਰ ਬਾਲਮ ਗੁਰਦਾਸਪੁਰ**
**ਓਂਕਾਰ ਨਗਰ ਗੁਰਦਾਸਪੁਰ ਪੰਜਾਬ**
ਮੋ. 98156-25409

## ਰਾਸ਼ਟਰੀ ਡੇਂਗੂ ਦਿਵਸ ਮੌਕੇ ਸਿਹਤ ਵਿਭਾਗ ਤਲਵੰਡੀ ਸਾਬੋ ਵੱਲੋਂ ਚਲਾਈ ਗਈ ਵਿਸ਼ੇਸ਼ ਜਾਗਰੂਕਤਾ ਮੁਹਿੰਮ

### ਡੇਂਗੂ ਵਿਰੋਧੀ ਮੁਹਿੰਮ ਵਿੱਚ ਸਿਹਤ ਟੀਮਾਂ ਦਾ ਵੱਧ ਤੋਂ ਵੱਧ ਸਾਥ ਦੇਣ ਦੀ ਕੀਤੀ ਅਪੀਲ





ਤਲਵੰਡੀ ਸਾਬੋ, 17 ਮਈ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਬਠਿੰਡਾ ਡਾ. ਰਮਨਦੀਪ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਦੀ ਯੋਗ ਅਗਵਾਈ ਵਿੱਚ ਸਿਹਤ ਵਿਭਾਗ ਤਲਵੰਡੀ ਸਾਬੋ ਵੱਲੋਂ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਗਿਆ। ਜਾਣਕਾਰੀ ਦਿੰਦਿਆਂ ਡਾ. ਰਵੀ ਕਾਂਤ ਨੇ ਦੱਸਿਆ ਕਿ ਹਰੇਕ ਸਾਲ ਡੇਂਗੂ ਦੇ ਬਹੁਤ ਮਰੀਜ਼ ਪਾਏ ਜਾਂਦੇ ਹਨ। ਇਸ ਲਈ ਡੇਂਗੂ ਦੀ ਬਿਮਾਰੀ ਨੂੰ ਕੰਟਰੋਲ ਕਰਨ ਦੀ ਲੋੜ ਹੈ। ਸਿਹਤ ਵਿਭਾਗ ਵੱਲੋਂ ਹਰੇਕ ਸਾਲ ਮਈ ਮਹੀਨਾ ਡੇਂਗੂ ਵਿਰੋਧੀ ਮਹੀਨੇ ਵਜੋਂ ਮਨਾਇਆ ਜਾਂਦਾ ਹੈ ਅਤੇ ਰਾਸ਼ਟਰੀ ਡੇਂਗੂ ਦਿਵਸ ਵਜੋਂ ਮਨਾਇਆ ਜਾਂਦਾ ਹੈ। ਡੇਂਗੂ ਦਿਵਸ ਮਨਾਉਣ ਦਾ ਮਕਸਦ ਇਸ ਦਿਨ ਆਮ ਲੋਕਾਂ, ਸਕੂਲਾਂ ਵਿੱਚ ਅਤੇ ਪਬਲਿਕ ਥਾਵਾਂ ਤੇ ਲੋਕਾਂ ਨੂੰ ਡੇਂਗੂ ਬਿਮਾਰੀ ਪ੍ਰਤੀ ਜਾਗਰੂਕ ਕਰਨਾ ਹੈ ਅਤੇ ਡੇਂਗੂ ਵਿਰੋਧੀ ਗਤੀਵਿਧੀਆਂ ਕਰਨਾ ਹੈ। ਉਨ੍ਹਾਂ ਕਿਹਾ ਕਿ ਡੇਂਗੂ ਦੀਆਂ ਜ਼ਿਆਦਾਤਰ ਬਿਮਾਰੀਆਂ ਬਾਰਿਸ਼ ਦੇ ਸ਼ੁਰੂਆਤੀ ਪੜਾਅ 'ਤੇ ਦਿਖਾਈ ਦਿੰਦੀਆਂ ਹਨ ਅਤੇ ਇਸ ਦੌਰਾਨ ਸਭ ਤੋਂ ਵੱਧ ਸਾਵਧਾਨੀਆਂ ਦੀ ਲੋੜ ਹੁੰਦੀ ਹੈ। ਡੇਂਗੂ ਦਾ ਲਾਰਵਾ ਮੁੱਖ ਤੌਰ 'ਤੇ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ ਅਤੇ ਜੁਲਾਈ ਤੋਂ ਅਕਤੂਬਰ ਉਨ੍ਹਾਂ ਦੇ ਵਾਧੇ ਲਈ ਸਭ ਤੋਂ ਅਨੁਕੂਲ ਸਮਾਂ ਹੁੰਦਾ ਹੈ। ਇਸ ਮੌਕੇ ਸਿਹਤ ਵਿਭਾਗ ਤਲਵੰਡੀ ਸਾਬੋ ਦੀ ਟੀਮ ਵੱਲੋਂ ਘਰ-ਘਰ ਜਾ ਕੇ ਡੇਂਗੂ ਸਰਵੇ ਕੀਤਾ ਗਿਆ ਅਤੇ ਖਾਲਸਾ ਸੀਨੀਅਰ ਸਕੂਲ ਅਤੇ ਗੁਰੂ ਕਾਸ਼ੀ ਕਾਲਜ ਵਿਖੇ ਡੇਂਗੂ ਜਾਗਰੂਕਤਾ ਸਮਾਗਮ ਕੀਤਾ ਗਿਆ। ਇਸ ਮੌਕੇ ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਵਿੱਦਿਆਰਥੀਆਂ ਨੂੰ ਜਾਣਕਾਰੀ ਦਿੰਦੇ ਕਿਹਾ ਕਿ ਡੇਂਗੂ ਏਡੀਜ਼ ਅਜਿਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਇੱਕ ਹਫ਼ਤੇ ਤੋਂ ਜਿਆਦਾ ਸਮੇਂ ਤੱਕ ਖੜੇ ਸਾਫ਼ ਪਾਣੀ ਤੇ ਪੈਦਾ ਹੁੰਦਾ ਹੈ ਅਤੇ ਇੱਕ ਹਫ਼ਤੇ ਦੇ ਵਿੱਚ ਅੰਡੇ ਤੋਂ ਮੱਛਰ ਬਣ ਕੇ ਤਿਆਰ ਹੋ ਜਾਂਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ। ਉਹਨਾਂ ਦੱਸਿਆ ਕਿ ਜਦੋਂ ਵੀ ਲੋਕਾਂ ਅਤੇ ਵੱਖ ਵੱਖ ਵਿਭਾਗਾਂ ਵੱਲੋਂ ਸਮੇਂ ਸਿਰ ਲੋੜੀਦੀਆਂ ਸਾਵਧਾਨੀਆਂ ਨਹੀਂ ਵਰਤੀਆਂ ਜਾਂਦੀਆਂ ਉਦੋਂ ਡੇਂਗੂ ਦਾ ਮੱਛਰ ਬਹੁਤਾਤ ਵਿੱਚ ਪੈਦਾ ਹੋਣ ਕਾਰਣ ਸਮੁਦਾਇ ਲਈ ਖਤਰਾ ਬਣਦਾ ਹੈ ਅਤੇ ਕੇਸਾਂ ਦੀ ਗਿਣਤੀ ਵਧਣੀ ਸ਼ੁਰੂ ਹੋ ਜਾਂਦੀ ਹੈ। ਇਸ ਮੌਕੇ ਐਸ ਆਈ ਕੁਲਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਿਹਤ ਵਿਭਾਗ ਡੇਂਗੂ ਦੇ ਖਾਤਮੇ ਲਈ ਸਰਗਰਮੀਆਂ ਵਿਚ ਜੁੱਟਿਆ ਹੋਇਆ ਹੈ, ਸਿਹਤ ਟੀਮਾਂ ਦਾ ਇਸ ਮੁਹਿੰਮ ਵਿਚ ਵੱਧ ਤੋਂ ਵੱਧ ਸਾਥ ਦਿੱਤਾ ਜਾਵੇ। ਆਪਣੇ ਘਰਾਂ ਵਿੱਚ ਅਤੇ ਆਲੇ-ਦੁਆਲੇ ਪਾਣੀ ਖੜ੍ਹਾ ਹੋਣ ਤੋਂ ਰੋਕਿਆ ਜਾਵੇ ਅਤੇ ਹਰ ਹਫ਼ਤੇ ਦਿਨ ਸ਼ੁੱਕਰਵਾਰ ਨੂੰ "ਹਰ ਸ਼ੁੱਕਰਵਾਰ ਡੇਂਗੂ ਤੇ ਵਾਰ" ਮੁਹਿੰਮ ਵਿਚ ਸ਼ਾਮਲ ਹੋ ਕੇ ਡਰਾਈ ਡੇ ਵਜੋਂ ਮਨਾਇਆ ਜਾਵੇ ਤਾਂ ਕਿ ਡੇਂਗੂ ਦੇ ਖਾਤਮੇ ਨੂੰ ਯਕੀਨੀ ਬਣਾਇਆ ਜਾ ਸਕੇ। ਸਿਹਤ ਕਰਮੀ ਅਮਨਦੀਪ ਸਿੰਘ ਅਤੇ ਹਰਪਾਲ ਸਿੰਘ ਗਿਆਨਾ ਨੇ ਸਾਂਝੇ ਰੂਪ ਵਿੱਚ ਜਾਣਕਾਰੀ ਦਿੰਦਿਆਂ ਕਿਹਾ ਕਿ ਆਪਣੇ ਘਰਾਂ ਵਿਚ ਜਾਂ ਆਲੇ-ਦੁਆਲੇ ਦੀ ਸਾਫ ਸਫ਼ਾਈ ਯਕੀਨੀ ਬਣਾਉਣੀ ਚਾਹੀਦੀ ਹੈ। ਖੜ੍ਹੇ ਪਾਣੀ ਦੇ ਸੋਮਿਆਂ ਜਿਵੇਂ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟ੍ਰੇਆਂ, ਹੋਰ ਪਾਣੀ ਦੇ ਬਰਤਨਾਂ ਆਦਿ ਨੂੰ ਹਫ਼ਤੇ ਵਿੱਚ ਇਕ ਦਿਨ ਚੰਗੀ ਤਰ੍ਹਾਂ ਖਾਲੀ ਕਰਕੇ ਸੁਕਾਅ ਕੇ ਦੁਬਾਰਾ ਵਰਤੋਂ ਵਿੱਚ ਲਿਆਉਣਾ ਚਾਹੀਦਾ ਹੈ ਅਤੇ ਨੀਵੀਆਂ ਥਾਵਾਂ ਤੇ ਮਿੱਟੀ ਪਾ ਕੇ ਪੂਰ ਦੇਣੀਆਂ ਚਾਹੀਦੀਆਂ ਹਨ। ਜਿਨ੍ਹਾਂ ਥਾਵਾਂ ਛੱਪੜਾਂ, ਟੋਭਿਆਂ ਆਦਿ ਤੋਂ ਪਾਣੀ ਸਾਫ਼ ਨਹੀਂ ਕੀਤਾ ਜਾ ਸਕਦਾ, ਉਥੇ ਹਰ ਹਫ਼ਤੇ ਕਾਲਾ ਸੜਿਆ ਹੋਇਆ ਤੇਲ ਪਾਉਣਾ ਚਾਹੀਦਾ ਹੈ। ਇਸ ਤੋਂ ਇਲਾਵਾ ਸੌਣ ਲੱਗਿਆਂ ਮੱਛਰ ਭਜਾਉਣ ਵਾਲੀਆਂ ਕਰੀਮਾਂ ਦਾ ਇਸਤੇਮਾਲ ਕਰੋ ਅਤੇ ਸਰੀਰ ਢੱਕਣੇ ਕੱਪੜੇ ਪਾਓ। ਉਨ੍ਹਾਂ ਦੱਸਿਆ ਕਿ ਸਾਰੇ ਸਿਵਲ ਹਸਪਤਾਲਾਂ ਵਿਚ ਡੇਂਗੂ ਦਾ ਟੈਸਟ ਅਤੇ ਇਲਾਜ ਮੁਫਤ ਕੀਤਾ ਜਾਂਦਾ ਹੈ। ਸਿਹਤ ਵਿਭਾਗ ਤਲਵੰਡੀ ਸਾਬੋ ਦੇ ਟੀਮ ਮੈਂਬਰ ਸੀ.ਐਚ.ਓ ਰਮਨਦੀਪ ਕੌਰ, ਰੁਪਿੰਦਰ ਕੌਰ, ਸਿਹਤ ਕਰਮੀ ਭਾਵਨਾ, ਰਵਨੀਤ ਕੌਰ , ਅਮਰਜੀਤ ਕੌਰ, ਜਗਸੀਰ ਸਿੰਘ, ਕੁਲਦੀਪ ਸਿੰਘ, ਗੁਰਜੀਤ ਸਿੰਘ, ਕੁਲਦੀਪ ਸਿੰਘ, ਗੁਰਸੇਵਕ ਸਿੰਘ ਅਤੇ ਝਲਵਿੰਦਰ ਸਿੰਘ ਐੱਸ.ਟੀ.ਸੀ.ਐੱਲ.ਐੱਸ ਹਾਜਰ ਸਨ।

## ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਮਹਿਤਾ ਚੌਕ ਦਾ 10ਵੀਂ ਦਾ ਨਤੀਜਾ ਰਿਹਾ ਸ਼ਲਾਘਾਯੋਗ



ਚੌਕ ਮਹਿਤਾ, 17 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ) - ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਦੇ ਨਤੀਜਿਆਂ ਵਿਚ ਇਲਾਕੇ ਦੀ ਨਾਮੀ ਸੰਸਥਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਦਾ ਨਤੀਜਾ ਸ਼ੈਸ਼ਨ 2024-25 ਦੌਰਾਨ ਵੀ ਸ਼ਲਾਘਾਯੋਗ ਰਿਹਾ ਹੈ, ਸਕੂਲ ਦੇ ਕੁੱਲ 118 ਵਿਦਿਆਰਥੀ ਦਸਵੀਂ ਜਮਾਤ ਦੇ ਇਮਤਿਹਾਨ ਵਿੱਚ ਬੈਠੇ ਸਨ ਅਤੇ ਸਾਰੇ ਹੀ ਵਿਦਿਆਰਥੀ ਫ਼ਸਟ ਡਵੀਜ਼ਨ ਵਿੱਚ ਪਾਸ ਹੋਏ ਹਨ ਜੋ ਕਿ ਸਕੂਲ ਸਟਾਫ ਅਤੇ ਮਾਪਿਆਂ ਲਈ ਮਾਣ ਵਾਲੀ ਗੱਲ ਹੈ ।ਸਕੂਲ ਦੇ ਦਸਵੀਂ ਜਮਾਤ ਦੇ 100% ਫੀਸਦੀ ਆਏ ਨਤੀਜੇ ਨੂੰ ਲੈ ਕੇ ਸਾਰੇ ਅਧਿਆਪਕ ਅਤੇ ਵਿਦਿਆਰਥੀ ਬਹੁਤ ਹੀ ਖੁਸ਼ ਹੋਏ। ਸਾਰਿਆਂ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸਕੂਲ ਦੇ ਦਸਵੀਂ ਜਮਾਤ ਦੇ ਸ਼ਾਨਦਾਰ ਨਤੀਜਾ ਆਉਣ 'ਤੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ । ਵਿਦਿਆਰਥੀਆਂ ਨੇ ਆਪਣੀ ਮਿਹਨਤ ਸਫਲ ਹੁੰਦੀ ਦੇਖਦਿਆਂ ਇਸ ਦਾ ਸਾਰਾ ਸਿਹਰਾ ਆਪਣੇ ਅਧਿਆਪਕਾਂ ਦੇ ਸਿਰ ਦਿੱਤਾ।ਇਹਨਾਂ ਨਤੀਜਿਆਂ ਵਿੱਚ ਅਰਸ਼ਦੀਪ ਕੌਰ 623/650, ਹਰਪ੍ਰੀਤ ਕੌਰ 621/650, ਨਵਨੀਤ ਕੌਰ 619/650, ਮਹਿਕਪ੍ਰੀਤ ਕੌਰ 614/650, ਨੇ ਪ੍ਰਾਪਤ ਕਰ ਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਪ੍ਰਾਪਤ ਕਰ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸੇ ਹੀ ਤਰ੍ਹਾਂ ਸਾਹਿਲਪ੍ਰੀਤ ਸਿੰਘ ਅਤੇ ਹਰਪ੍ਰੀਤ ਕੌਰ ਨੇ ਵੀ 619/650 ਅੰਕ ਪ੍ਰਾਪਤ ਕਰ ਕੇ ਕ੍ਰਮਵਾਰ ਚੌਥਾ ਅਤੇ ਪੰਜਵਾਂ ਸਥਾਨ ਹਾਸਿਲ ਕੀਤਾ ਹੈ।ਸਕੂਲ ਦਾ ਦਸਵੀਂ ਜਮਾਤ ਦਾ ਵਧੀਆ ਨਤੀਜਾ ਆਉਣ 'ਤੇ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਨਾਲ-ਨਾਲ ਮਾਪਿਆਂ ਦੇ ਚਿਹਰਿਆਂ ਉੱਪਰ ਵੀ ਚਮਕ ਦਿਖਾਈ ਦਿੱਤੀ। ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਅਰਸ਼ਦੀਪ ਕੌਰ ਨੇ ਅਤੇ ਹਰਪ੍ਰੀਤ ਕੌਰ ਨੇ ਇੰਜੀਨੀਅਰ ਬਣਨ ਦੀ ਇੱਛਾ ਜਾਹਿਰ ਕੀਤੀ ਹੈ, ਜਦ ਕਿ ਹਰਪ੍ਰੀਤ ਕੌਰ ਡਾਕਟਰ ਬਣ ਕੇ ਦੇਸ਼ ਦੀ ਸੇਵਾ ਕਰਨੀ ਚਾਹੁੰਦੀ ਹੈ।ਦਸਵੀਂ ਜਮਾਤ ਵਿੱਚੋਂ 90% ਤੋਂ ਉੱਪਰ ਕੁੱਲ 21 ਵਿਦਿਆਰਥੀ, 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 53 ਵਿਦਿਆਰਥੀ , 70% ਤੋਂ ਉੱਪਰ 31 ਵਿਦਿਆਰਥੀ ਅਤੇ 60% ਤੋਂ ਉੱਪਰ 09 ਵਿਦਿਆਰਥੀ ਰਹੇ ਹਨ। ਸਕੂਲ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਨੇ ਸਾਰੇ ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਸਕੂਲ ਦੇ ਮਾਣ ਵਿੱਚ ਵਾਧਾ ਕਰਕੇ ਸਕੂਲ ਦਾ ਨਾਮ ਹੋਰ ਉੱਚਾ ਕੀਤਾ ਹੈ। ਉਹਨਾਂ ਨੇ ਬੱਚਿਆਂ ਦੇ ਉਂਜਵਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਹੋਇਆਂ ਉਹਨਾਂ ਦਾ ਮੂੰਹ ਮਿੱਠਾ ਕਰਵਾਇਆ।ਸਕੂਲ ਦੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ ਨੇ ਵਿਦਿਆਰਥੀਆਂ, ਮਾਪਿਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਹੋਰ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ। ਵਿਦਿਆਰਥੀਆਂ ਦੀ ਹੌਂਸਲਾ ਅਫਜਾਈ ਸਮੇਂ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ, ਡਾਇਰਕਟਰ ਮਨਪ੍ਰੀਤ ਸਿੰਘ ਟੱਕਰ, ਕੋ-ਆਰਡੀਨੇਟਰ ਮੈਡਮ ਰਵਿੰਦਰ ਕੌਰ, ਮੈਡਮ ਬਲਜੀਤ ਕੌਰ ਅਤੇ ਹੋਰ ਅਧਿਆਪਕ ਮੌਜੂਦ ਸਨ ।

## ਦਿੱਲੀ ਪਬਲਿਕ ਸਕੂਲ, ਫਿਰੋਜ਼ਪੁਰ ਨੇ 100 ਫੀਸਦੀ ਬੋਰਡ ਨਤੀਜੇ ਨਾਲ ਰਚਿਆ ਇਤਿਹਾਸ

ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) :- ਅਕਾਦਮਿਕ ਸ਼੍ਰੇਸ਼ਠਤਾ ਦੀ ਨਵੀਂ ਮਿਸਾਲ ਕਾਇਮ ਕਰਦੇ ਹੋਏ ਦਿੱਲੀ ਪਬਲਿਕ ਸਕੂਲ ਫਿਰੋਜ਼ਪੁਰ ਨੇ ਸੀ.ਬੀ.ਐਸ.ਈ ਬੋਰਡ ਇਮਤਿਹਾਨਾਂ ਵਿੱਚ 100 ਪ੍ਰਤੀਸ਼ਤ ਨਤੀਜਾ ਹਾਸਲ ਕਰਕੇ ਇਤਿਹਾਸ ਰਚ ਦਿੱਤਾ ਹੈ। ਇਹ ਕਾਮਯਾਬੀ ਸਕੂਲ ਵੱਲੋਂ ਉੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਸਮਪੂਰਨ ਵਿਕਾਸ ਪ੍ਰਤੀ ਦਿੱਤੀ ਜਾ ਰਹੀ ਵਚਨਬੱਧਤਾ ਦਾ ਸਾਫ ਸੁਬੂਤ ਹੈ। ਸੀ.ਬੀ.ਐਸ.ਈ ਕਲਾਸ 12ਵੀਂ ਵਿੱਚ ਸਕੂਲ ਦੀ ਟੌਪਰ ਵਿਦਿਆਰਥਣ ਨੇ 96.6 ਫੀਸਦੀ ਅੰਕ ਹਾਸਲ ਕੀਤੇ, ਜਦਕਿ ਕਲਾਸ 10ਵੀਂ ਵਿੱਚ ਸਭ ਤੋਂ ਵੱਧ ਅੰਕ 96.2 ਫੀਸਦੀ ਰਹੇ। ਵਿਦਿਆਰਥੀਆਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ ਨੇ ਸਾਬਤ ਕਰ ਦਿੱਤਾ ਕਿ ਮਿਹਨਤ, ਆਤਮ ਵਿਸ਼ਵਾਸ ਅਤੇ ਦ੍ਰਿੜ ਨਿਰਣੈ ਨਾਲ ਕੋਈ ਵੀ ਲਕੜੀ ਚੀਰੀ ਜਾ ਸਕਦੀ ਹੈ। ਸਕੂਲ ਪ੍ਰਿੰਸੀਪਲ ਡਾ: ਲਤਾ ਤੇਜਪਾਲ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਫਲਤਾ ਲਈ ਵਧਾਈ ਦਿੰਦਿਆਂ ਬੱਚਿਆਂ ਦੇ ਮਾਪਿਆਂ ਦੇ ਲਗਾਤਾਰ ਸਹਿਯੋਗ ਅਤੇ ਵਿਸ਼ਵਾਸ ਲਈ ਧੰਨਵਾਦ ਕੀਤਾ ਅਤੇ ਅਧਿਆਪਕਾਂ ਦੀ ਨਿਰੰਤਰ ਮਿਹਨਤ ਦੀ ਵੀ ਸਰਾਹਨਾ ਕੀਤੀ। ਸਕੂਲ ਦੇ ਪੀ.ਵੀ.ਆਰ ਸ੍ਰੀ ਅਹੂਜਾ ਅਤੇ ਡਾਇਰੈਕਟਰ ਡਾ: ਰਾਜਿੰਦਰ ਸੂਚ ਨੇ ਡੀ.ਪੀ.ਐਸ ਪਰਿਵਾਰ, ਵਿਦਿਆਰਥੀਆਂ, ਅਧਿਆਪਕਾਂ ਅਤੇ ਸਹਿਯੋਗੀ ਸਟਾਫ ਨੂੰ ਇਸ ਕਾਮਯਾਬੀ ਲਈ ਵਧਾਈ ਦਿੱਤੀ ਅਤੇ ਸਕੂਲ ਦੀ ਲਗਾਤਾਰ ਉਨਤੀ ਦੀ ਤਾਰੀਫ ਕੀਤੀ।




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਨਿਰਮਲ ਸੰਪਰਦਾਏ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਧੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਡਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸ. ਹਰਮੀਤ ਸਿੰਘ ਕਾਲਕਾ, ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਹਰਿਆਣਾ
ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ
ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰ-ਏ-ਪੰਜਾਬ ਅਕਾਲੀ ਦਲ
ਭਾਈ ਮਹਿਕਮ ਸਿੰਘ ਜੀ ਦਮਦਮੀ ਟਕਸਾਲ ਵਾਲੇ
ਭਾਈ ਮੁਖਤਿਆਰ ਸਿੰਘ ਜੀ ਮੁਖੀ ਦਮਦਮੀ ਟਕਸਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਜਥੇਦਾਰ ਬੂਟਾ ਸਿੰਘ ਰਣਸੀਂਹ ਸ਼ੇਰ-ਏ-ਪੰਜਾਬ ਅਕਾਲੀ ਦਲ
ਜਥੇਦਾਰ ਸਤਨਾਮ ਸਿੰਘ ਜੀ ਮਨਾਵਾਂ
ਜਥੇਦਾਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਦਿੱਲੀ
ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ
ਸ. ਤਰਸੇਮ ਸਿੰਘ (ਪਿਤਾ ਜੀ) ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ
ਭਾਈ ਬਲਵਿੰਦਰ ਸਿੰਘ ਲੋਕ ਅਧਿਕਾਰ ਲਹਿਰ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

# ਜਰੂਰੀ ਬੇਨਤੀ



## ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸ਼੍ਰੀਮਾਨ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ ਮੁਤਾਬਿਕ

ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰ ਸਹਿਬਾਨ ,ਜਿਲਾ ਪ੍ਰਧਾਨ, ਵਰਕਿੰਗ ਕਮੇਟੀ ਮੈਂਬਰ ,ਸੀਨੀਅਰ ਮੀਤ ਪ੍ਰਧਾਨ, ਜੂਨੀਅਰ ਮੀਤ ਪ੍ਰਧਾਨ ,ਕਨਵੀਨਰ ਸਾਹਿਬਾਨ ,ਪ੍ਰਧਾਨ ਸਾਹਿਬ ,ਧਾਰਮਿਕ ਵਿੰਗ ਦੇ ਪ੍ਰਧਾਨ ,ਕਿਸਾਨ ਯੂਨੀਅਨ ਦੇ ਪ੍ਰਧਾਨ ਅਤੇ ਸਲਾਹਕਾਰ ਸਮੁੱਚੀ ਵਰਕਿੰਗ ਕਮੇਟੀ ਨੂੰ ਬੇਨਤੀ ਹੈ 18 ਤਰੀਕ ਦਿਨ ਐਤਵਾਰ ਨੂੰ 10 ਵਜੇ ਪਿੰਡ ਰੋਡੇ ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ 2 ਜੂਨ ਨੂੰ ਜਨਮ ਦਿਨ ਦੇ ਸਮੁੱਚੇ ਪ੍ਰਬੰਧਾਂ ਵਾਸਤੇ ਮੀਟਿੰਗ ਰੱਖੀ ਹੋਈ ਹੈ।ਇਸ ਵਿੱਚ ਹਾਜਰੀ ਯਕੀਨੀ ਬਣਾਈ ਜਾਵੇ ਹਰ ਇੱਕ ਅਹੁਦੇਦਾਰ ਦੀ ਛੋਟੀ ਸ੍ਰੀ ਸਾਹਿਬ ਕੁੜਤੇ ਪਜਾਮੇ ਉੱਪਰ , ਪੈਂਟ ਕਮੀਜ ਚੋਲਾ ਸਾਹਿਬ ਦੇ ਸਭ ਨੇ ਉੱਪਰ ਹੀ ਪਾ ਕੇ ਆਉਣਾ ਹੈ ।ਇੱਕ ਫੋਟੋ ਸਾਈਜ਼ ਫੋਟੋ ਵੀ ਸ੍ਰੀ ਸਾਹਿਬ ਉੱਪਰ ਦੀ ਪਾ ਕੇ ਖਿਚਾ ਕੇ ਨਾਲ ਲੈ ਕੇ ਆਉਣਾ ਇਹ ਯਕੀਨੀ ਬਣਾਇਆ ਜਾਵੇ । ਜਿਸਨੂੰ ਸੱਦਾ ਪੱਤਰ ਦੇਣਾ ਸੋਸ਼ਲ ਮੀਡੀਏ ਦਾ ਯੁਗ ਹੋਣ ਕਰਕੇ ਉਸੇ ਟਾਇਮ ਸੰਤ ਮਹਾਤਮਾ ਦੀ ਸਰਪੰਚ ਸਹਿਬਾਨ ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਸਭ ਦੀ ਫੋਟੋ ਸੱਦਾ ਪੱਤਰ ਦਿੰਦਿਆਂ ਮੀਡੀਏ ਤੇ ਪਾਉਣੀ ਜਰੂਰੀ ਹੈ ।ਆਪਣੇ ਮੋਬਾਇਲ ਦੇ ਰਾਹੀ ਇਸ ਦੀ ਪਾਲਣਾ ਨਾ ਕਰਨ ਵਾਲੇ ਨੂੰ ਵਰਕਿੰਗ ਕਮੇਟੀ ਵੱਲੋਂ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਜਾਵੇਗਾ



**ਵੱਲੋਂ: ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਦਮਦਮੀ ਟਕਸਾਲ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਅੰਤਰਰਾਸ਼ਟਰੀ ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ**

## ਇੱਕ ਨਜ਼ਰ ...



## ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸਕੈਂਡਰੀ ਸਕੂਲ ਦਾ ਮੈਟ੍ਰਿਕ ਦਾ ਨਤੀਜਾ ਰਿਹਾ ਸ਼ਾਨਦਾਰ

ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) : ਜ਼ਿਲੇ ਦੀ ਨਾਮਵਾਰ ਸਿੱਖਿਆ ਸੰਸਥਾ ਜੋ ਕਿ ਦਮਦਮੀ ਟਕਸਾਲ ਮਹਿਤਾ ਅਤੇ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਚੱਲ ਰਹੀ ਹੈ ਦੇ ਸਾਰੇ ਵਿਦਿਆਰਥੀਆਂ ਨੇ ਮੈਟ੍ਰਿਕ ਦੀ ਪ੍ਰੀਖਿਆ ਵਿਚ ਅਵੱਲ ਆ ਕੇ ਸਕੂਲ ਦਾ ਰੋਸ਼ਨਾਇਆ ਨਾਮ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਮੈਟ੍ਰਿਕ ਨਤੀਜਿਆਂ ਵਿੱਚ ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਜਿਸ ਵਿੱਚ ਸੁਖਪ੍ਰੀਤ ਕੌਰ ਨੇ 93 ਪ੍ਰਤੀਸ਼ਤ ਨੰਬਰ ਪ੍ਰਾਪਤ ਕਰਕੇ ਪਹਿਲਾਂ ਸਥਾਨ ਹਾਸਲ ਪ੍ਰਾਪਤ ਕੀਤਾ ਅਤੇ ਪ੍ਰਭਜੋਤ ਕੌਰ ਨੇ 90 ਫੀਸਦੀ ਨੰਬਰ ਪ੍ਰਾਪਤ ਕਰਕੇ ਦੂਸਰਾ ਸਥਾਨ ਹਾਸਲ ਪ੍ਰਾਪਤ ਕੀਤਾ। ਉਨ੍ਹਾਂ ਦੱਸਿਆ ਕਿ ਇਸੀ ਤਰ੍ਹਾਂ ਹਰਪ੍ਰੀਤ ਕੌਰ ਨੇ 89ਫੀਸਦੀ ਨਾਲ ਤੀਸਰੇ ਸਥਾਨ ਤੇ ਰਹੀ, ਜਦੋਂ ਕਿ ਬਹੁਤੇ ਵਿਦਿਆਰਥੀਆਂ ਨੇ 85 ਫੀਸਦੀ ਅੰਕ ਪ੍ਰਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਸਮੂਹ ਵਿਦਿਆਰਥੀਆਂ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਸਮੇਤ ਅਧਿਆਪਕ ਸਾਹਿਬਾਨਾਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਛੇ ਵਿਦਿਆਰਥੀਆਂ ਦੇ ਅੰਗਰੇਜ਼ੀ ਵਿਸ਼ੇ ਵਿੱਚੋਂ 100 ਫੀਸਦੀ ਨੰਬਰ ਆਏ ਹਨ, ਜਦੋਂ ਕਿ ਕੰਪਿਊਟਰ ਵਿਸ਼ੇ ਵਿੱਚੋਂ ਵੀ ਚਾਰ ਵਿਦਿਆਰਥੀਆਂ ਨੇ 100 ਫੀਸਦੀ ਅੰਕ ਪ੍ਰਾਪਤ ਕੀਤੇ ਹਨ।ਉਨ੍ਹਾਂ ਸਕੂਲੀ ਵਿਦਿਆਰਥੀਆਂ ਦੀ ਪ੍ਰਸੰਸਾ ਕਰਦੇ ਹੋਏ ਅੰਗਰੇਜ਼ੀ ਵਿਸ਼ੇ ਨੂੰ ਪੜਾਉਣ ਵਾਲੇ ਅਧਿਆਪਕ ਮੈਡਮ ਅੰਜੂ ਬਾਲਾ ਦਾ ਬਹੁਤ ਧੰਨਵਾਦ ਕਰਦਿਆਂ ਕੰਪਿਊਟਰ ਵਿਸ਼ਾ ਪੜਾਉਣ ਵਾਲੇ ਮੈਡਮ ਗੁਰਜੰਟ ਕੌਰ ਨੂੰ ਮੁਬਾਰਕ ਦਿੱਤੀ ਗਈ। ਪ੍ਰਿੰਸੀਪਲ ਮੈਡਮ ਨੇ ਬੱਚਿਆਂ ਨੂੰ ਕਿਹਾ ਕਿ ਇਸੇ ਤਰ੍ਹਾਂ ਮਿਹਨਤ ਕਰਕੇ ਆਉਣ ਵਾਲੇ ਸਮੇਂ ਵਿੱਚ ਇਹ ਵਿਦਿਆਰਥੀ ਗਿਆਰਵੀਂ ਅਤੇ 12ਵੀਂ ਜਮਾਤ ਵਿੱਚ ਚੰਗੇ ਨੰਬਰ ਹਾਸਲ ਕਰਕੇ ਮੈਰਿਟ ਵਿੱਚ ਸਥਾਨ ਪ੍ਰਾਪਤ ਕਰਨਗੇ।ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਹੋਏ ਵਿਦਿਆਰਥੀਆਂ ਵਿੱਚ ਖੁਸ਼ੀ ਦਾ ਮਾਹੌਲ ਬਣਿਆ, ਜਿਨ੍ਹਾਂ ਦਾ ਸਨਮਾਨ ਕੀਤਾ ਗਿਆ।

## ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਬਾਬਾ ਜ਼ੋਗਾ ਸਿੰਘ ਦੇ ਭੌਤਿਕ ਸਰੀਰ ਦਾ ਨਮ ਅੱਖਾਂ ਨਾਲ ਸੰਗਤਾਂ ਨੇ ਕੀਤਾ ਸੰਸਕਾਰ







ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) : ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁੱਚਾ ਸਿੰਘ ਜੀ ਦੇ ਅਣਥੱਕ ਸੇਵਾਦਾਰ ਬਾਬਾ ਜ਼ੋਗਾ ਸਿੰਘ ਜ਼ੋ ਕਿ ਪਿੰਡ ਬਹਾਦਰ ਵਾਲਾ ਨੇੜੇ ਫਤਿਹਗੜ੍ਹ ਪੰਜਤੂਰ ਪਿਤਾ ਸਰਦਾਰ ਕਰਤਾਰ ਸਿੰਘ ਸਿਰਫ 8 ਸਾਲ ਦੇ ਸਨ, ਜਦ ਗੁਰਦੁਆਰਾ ਠਾਠ ਨਾਨਕਸਰ ਆਏ ਅਤੇ 35 ਸਾਲ ਸਤਿਕਾਰਯੋਗ ਸੰਤ ਬਾਬਾ ਸੁੱਚਾ ਸਿੰਘ ਜੀ ਦੀ ਸੇਵਾ ਕੀਤੀ ਅਤੇ ਉਨ੍ਹਾਂ ਦੀ ਗੱਡੀ ਚਲਾਉਂਦੇ ਸੀ ਅਤੇ ਨਾਲ ਹੀ ਕੀਰਤਨ ਕਰਦੇ ਸਨ ਅਤੇ ਉਨ੍ਹਾਂ ਵਿਆਹ ਨਹੀਂ ਕਰਵਾਇਆ ਅਤੇ ਹਰ ਵੇਲੇ ਨਾਮ ਸਿਮਰਨ ਵਿਚ ਲੱਗੇ ਰਹਿੰਦੇ ਸੀ ਅਤੇ ਹਮੇਸ਼ਾ ਬਾਬਾ ਜੀ ਦੇ ਸੇਵਾ ਵਿਚ ਲੱਗੇ ਰਹਿੰਦੇ ਸਨ ਅਤੇ ਅਚਾਨਕ 16 ਮਈ ਨੂੰ ਕਰੀਬ 12 ਵਜੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਚਲੇ ਗਏ। ਬਾਬਾ ਜ਼ੋਗਾ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਤੇ ਇਲਾਕੇ ਦੀ ਸੰਗਤ ਨੇ ਨਮ ਅੱਖਾਂ ਨਾਲ ਅੱਜ 17 ਮਈ ਨੂੰ ਉਨ੍ਹਾਂ ਦਾ ਪੰਜ ਤਤਾਂ ਦਾ ਸਰੀਰ ਅਗਨ ਭੇਂਟ ਕੀਤਾ ਅਤੇ ਅਗਨੀ ਭੇਂਟ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਨਿਭਾਈ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਕਲੇਰਾਂ ਵਾਲੇ ਦੇ ਸੇਵਾਦਾਰ ਗੁਰਦੁਆਰਾ ਅਰਮਾਨਪੁਰਾ ਆਸਲ ਦੇ ਸੇਵਾਦਾਰ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤਾਂ ਨੇ ਅਤਿਮ ਵਿਦਾਇਗੀ ਮੌਕੇ ਬਾਬਾ ਜ਼ੋਗਾ ਸਿੰਘ ਦੇ ਦਰਸ਼ਨ ਕੀਤੇ, ਸਾਰੀਆਂ ਸੰਗਤਾਂ ਦੀਆਂ ਅੱਖਾਂ ਨਮ ਸਨ। ਬਾਬਾ ਜ਼ੋਗਾ ਸਿੰਘ ਆਪਣੀ ਜਿੰਦਗੀ ਦੀਆਂ 45 ਕੁ ਬਹਾਰਾਂ ਵੇਖ ਕੇ ਇਸ ਫਾਨੀ ਸੰਸਾਰ ਨੂੰ ਸਦਾ—ਸਦਾ ਲਈ ਅਲਵਿਦਾ ਕਹਿ ਗਏ ਅਤੇ ਪਿਛੇ ਪਰਿਵਾਰ, ਰਿਸ਼ਤੇਦਾਰ, ਮਿੱਤਰ, ਸਾਕ ਸਬੰਧੀ ਅਤੇ ਸੰਤ ਬਾਬਾ ਸੁੱਚਾ ਸਿੰਘ ਜੀ ਨੂੰ ਛੱਡ ਗਏ। ਸਾਰੀ ਸੰਗਤ ਅਤੇ ਬਾਬਾ ਜ਼ੀ ਨੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਹੇ ਵਾਹਿਗੁਰੂ ਜੀ ਸੱਚੇ ਪਾਤਸ਼ਾਹ ਬਾਬਾ ਜ਼ੋਗਾ ਸਿੰਘ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਸੰਗਤਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਬਾਬਾ ਜ਼ੋਗਾ ਸਿੰਘ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 25 ਮਈ ਦਿਨ ਐਤਵਾਰ ਨੂੰ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਨੇੜੇ ਮਮਦੋਟ ਵਿਖੇ ਪਾਇਆ ਜਾਵੇਗਾ।

## ਰੋਪੜ ਜੇਲ੍ਹ ਵਿੱਚ ਨਜ਼ਰਬੰਦ ਭਾਈ ਪਪਲਪ੍ਰੀਤ ਸਿੰਘ ਨੂੰ ਗੁਰਦੁਆਰਾ ਸਾਹਿਬ ਤੇ ਹਸਪਤਾਲ ਜਾਣ ਦੀ ਆਗਿਆ ਦਿੱਤੀ ਜਾਵੇ : ਮਨਜੀਤ ਸਿੰਘ ਭੋਮਾ





ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਰੋਪੜ ਜੇਲ ਪ੍ਰਸ਼ਾਸਨ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ M P ਨਜ਼ਰਬੰਦ ਡਿਬਰੂਗੜ੍ਹ ਜੇਲ੍ਹ ਦੇ ਨਜ਼ਦੀਕੀ ਸਾਥੀ ਭਾਈ ਪਪਲਪ੍ਰੀਤ ਸਿੰਘ ਨੂੰ ਡਿਬਰੂਗੜ੍ਹ ਜੇਲ੍ਹ ਤੋਂ ਪੰਜਾਬ ਦੀ ਰੋਪੜ ਜ਼ੇਲ੍ਹ ਵਿੱਚ ਤਬਦੀਲ ਕਰਕੇ ਫਾਂਸੀ ਹਾਤੇ ਦੀ ਕਾਲਕੋਠੜੀ ਵਿੱਚ 24 ਘੰਟੇ ਨਜ਼ਰਬੰਦ ਰੱਖਿਆ ਜਾ ਰਿਹਾ ਹੈ । ਨਾ ਤਾਂ ਉਸਨੂੰ ਗੁਰਦੁਆਰਾ ਸਾਹਿਬ ਜਾਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ ਤੇ ਨਾ ਹੀ ਉਸਨੂੰ ਆਪਣਾ ਇਲਾਜ ਕਰਵਾਉਣ ਜੇਲ੍ਹ ਦੇ ਹਸਪਤਾਲ ਜਾਣ ਦਿੱਤਾ ਜਾ ਰਿਹਾ ਹੈ ਜੋ ਉਸਦਾ ਹੱਕ ਬਣਦਾ ਹੈ । ਇਥੋਂ ਤੱਕ ਕਿ ਉਸਨੂੰ ਜੋ ਬਾਹਰ ਤੋਂ ਮੁਲਾਕਾਤ ਰਾਹੀਂ ਭੇਜੀਆਂ ਧਾਰਮਿਕ ਤੇ ਇਤਿਹਾਸਕ ਕਿਤਾਬਾਂ ਵੀ ਅੰਦਰ ਖੜਨ ਤੇ ਪੜ੍ਹਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ । ਉਹਨਾਂ ਕਿਹਾ ਉਹ ਸਿਆਸੀ ਕੈਦੀ ਹੈ ਕੋਈ ਆਮ ਕੈਦੀ ਨਹੀਂ ।ਦੂਜੇ ਪਾਸੇ ਅਨੇਕਾਂ ਧੀਆਂ ਭੈਣਾਂ ਦੀਆਂ ਇੱਜ਼ਤਾਂ ਲੁੱਟਣ ਵਾਲੇ, ਪੰਜਾਬ ਅਤੇ ਹਰਿਆਣੇ ਵਿੱਚ ਦੰਗਾ ਫਸਾਦ ਕਰਵਾਉਣ ਵਾਲੇ, ਕਈ ਲੋਕਾਂ ਦੇ ਕਾਤਲ ਰਾਮਰਹੀਮ ਨੂੰ ਤਾਂ ਹਰਿਆਣਾ ਜੇਲ੍ਹ ਵਿੱਚ ਵੀ ਆਈ ਪੀ ਸਹੂਲਤਾਂ ਤੇ ਵਾਰ ਵਾਰ ਪਰੋਲਾ ਦਿੱਤੀਆਂ ਜਾ ਰਹੀਆਂ ।ਪੰਜਾਬ ਵਿੱਚ ਬੇਕਸੂਰ ਸਿੱਖ ਨੌਜਵਾਨਾਂ ਜਿਸ ਤੇ ਅੱਜ ਤੱਕ ਕੋਈ ਵੀ ਅਪਰਾਧਿਕ ਮੁਕੱਦਮਾ ਦਰਜ ਨਹੀਂ ਹੋਇਆ ।ਉਸ ਨੂੰ ਜੇਲ੍ਹ ਦੇ ਹੀ ਗੁਰਦੁਆਰਾ ਸਾਹਿਬ ਵੀ ਨਹੀ ਜਾਣ ਦਿੱਤਾ ਜਾ ਰਿਹਾ । ਉਹਨਾਂ ਜੇਲ੍ਹ ਮੰਤਰੀ ਸ ਲਾਲਜੀਤ ਸਿੰਘ ਭੁੱਲਰ ਨੂੰ ਅਪੀਲ ਕੀਤੀ ਹੈ ਕਿ ਭਾਈ ਪਪਲਪ੍ਰੀਤ ਸਿੰਘ ਤੇ ਰੋਪੜ ਜੇਲ੍ਹ ਲਾਈਆਂ ਪਾਬੰਦੀਆਂ ਨੂੰ ਤੁਰੰਤ ਹਟਾਉਣ ਦੀ ਰੋਪੜ ਜੇਲ੍ਹ ਦੇ ਸੁਪਰਡੈਂਟ ਨੂੰ ਹਦਾਇਤ ਜਾਰੀ ਕਰਨ ਤੇ ਬਾਕੀ ਕੈਦੀਆਂ ਵਾਂਗ ਉਹਨਾਂ ਨੂੰ ਵੀ ਸਾਰੀਆਂ ਸਹੂਲਤਾਂ ਦੇ ਕੇ ਸਵੇਰੇ - ਸ਼ਾਮ ਗੁਰਦੁਆਰਾ ਸਾਹਿਬ ਜਾਣ ਦੀ ਇਜਾਜ਼ਤ ਦਿੱਤੀ ਜਾਵੇ।

## ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਬੱਚਿਆਂ ਨੂੰ ਕੀਤਾ ਜਾਗਰੂਕ





ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) : ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਪੰਜਾਬ ਭਰ ਵਿਚ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੱਜ ਗੁਰੂ ਰਾਮਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ ਵਿਖੇ ਇਕ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਐਸ.ਐਸ.ਪੀ ਫ਼ਿਰੋਜ਼ਪੁਰ ਸ: ਭੁਪਿੰਦਰ ਸਿੰਘ ਸਿੱਧੂ ਅਤੇ ਉਨ੍ਹਾਂ ਦੀ ਟੀਮ ਵੱਲੋਂ ਪੁਲਿਸ ਪਬਲਿਕ ਪਾਰਟਨਰਸ਼ਿਪ ਪ੍ਰੋਗਰਾਮ ਸੰਪਰਕ ਮੁਹੱਲਾ—ਮੁਹੱਲਾ, ਪਿੰਡ—ਪਿੰਡ ਤਹਿਤ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਸਕੂਲ ਦੇ ਬੱਚਿਆਂ ਅਤੇ ਸਟਾਫ ਨੂੰ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਨਸ਼ੇ ਬਹੁਤ ਭੈੜੀ ਅਲਾਮਤ ਹਨ, ਸਾਨੂੰ ਸਾਰਿਆਂ ਨੂੰ ਇਸ ਭੈੜੀ ਬਿਮਾਰੀ ਤੋਂ ਬਚਣਾ ਚਾਹੀਦਾ ਹੈ ਅਤੇ ਜੇਕਰ ਅਸੀਂ ਨਸ਼ਿਆਂ ਤੋਂ ਬਚੇ ਰਹਾਂਗੇ ਤਾਂ ਹੀ ਅਸੀਂ ਆਪਣੇ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਨੂੰ ਲੋਕਾਂ ਵੱਲੋਂ ਭਰਪੂਰ ਹੁੰਗਾਰਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ, ਜੇਕਰ ਕੋਈ ਨਸ਼ਾ ਤਸਕਰ ਪੁਲਿਸ ਦੇ ਹੱਥੀਂ ਲੱਗਦਾ ਹੈ ਤਾਂ ਸਰਕਾਰ ਦੇ ਹੁਕਮ ਅਨੁਸਾਰ ਨਸ਼ਾ ਤਸਕਰ ਦੀ ਪੂਰੀ ਜਾਇਦਾਦ ਜਬਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਸੀਂ ਇਸ ਮੁਹਿੰਮ ਤਹਿਤ ਇਲਾਕੇ ਦੇ ਸਕੂਲਾਂ ਵਿਚ ਪਹੁੰਚ ਕਰਕੇ ਬੱਚਿਆਂ ਅਤੇ ਨੌਜਵਾਨਾਂ ਨੂੰ ਜਾਗਰੂਕ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਸਿਰਫ 2 ਫੀਸਦੀ ਲੋਕ ਹਨ ਜ਼ੋ ਰਜਿਸਟਰਡ ਹਨ ਕਿ ਉਹ ਨਸ਼ਾ ਕਰਦੇ ਹਨ, ਨਾ ਕਿ ਜ਼ੋ ਸੋਸ਼ਲ ਮੀਡੀਆ ਉਤੇ ਪ੍ਰਚਲਿਤ ਹੈ ਕਿ 70 ਫੀਸਦੀ ਲੋਕ ਨਸ਼ੇੜੀ ਹਨ ਇਹ ਸਭ ਗਲਤ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਹੁਤ ਉਪਰਾਲੇ ਕਰ ਰਹੀ ਹੈ ਕਿ ਨਸ਼ਾ ਤਸਕਰਾਂ ਨੂੰ ਆਪਣੀ ਪਕੜ ਵਿਚ ਲਿਆ ਜਾਵੇ, ਇਸ ਲਈ ਸਾਨੂੰ ਸਾਰਿਆਂ ਨੂੰ ਇਕੱਠੇ ਹੋ ਕੇ ਇਸ ਮੁਹਿੰਮ ਨੂੰ ਕਾਮਯਾਬ ਕਰਨਾ ਚਾਹੀਦਾ ਹੈ। ਇਸ ਮੌਕੇ ਸਕੂਲ ਮੈਨੇਜਰ ਇੰਦਰਪਾਲ ਸਿੰਘ, ਡਾਇਰੈਕਟਰ ਪ੍ਰਿੰਸੀਪਲ ਰਣਜੀਤ ਸਿੰਘ, ਪ੍ਰਿੰਸੀਪਲ ਖੁਸ਼ਵੰਤ ਸਿੰਘ ਅਤੇ ਸਮੂਹ ਸਕੂਲ ਸਟਾਫ ਹਾਜ਼ਰ ਸੀ।

## ਜੂਨ 84 ਦੇ ਖ਼ੂਨੀ ਘੱਲੂਘਾਰੇ ਦੇ 41 ਵੇਂ ਵਰ੍ਹੇ ਨੂੰ ਸਮਰਪਿਤ ਹੋ ਰਹੇ ਸ਼ਹੀਦੀ ਸਮਾਗਮਾਂ ਤੇ ਰੋਹ ਮੁਜ਼ਾਹਰਿਆਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਏ: ਗੁਰਚਰਨ ਸਿੰਘ ਗੁਰਾਇਆ



ਨਵੀਂ ਦਿੱਲੀ 17 ਮਈ (ਮਨਪ੍ਰੀਤ ਸਿੰਘ ਖਾਲਸਾ):- ਭਾਈ ਗੁਰਚਰਨ ਸਿੰਘ ਗੁਰਾਇਆ ਨੇ ਪ੍ਰੈੱਸ ਦੇ ਨਾਂ ਜਾਰੀ ਬਿਆਨ ਵਿੱਚ ਭਾਰਤੀ ਹਕੂਮਤ ਵੱਲੋਂ ਜੂਨ 84 ਵਿੱਚ ਸ੍ਰੀ ਦਰਬਾਰ ਸਾਹਿਬ ਤੇ ਹੋਰ 37 ਗੁਰਦੁਆਰਿਆ ਤੇ ਫੌਜੀ ਹਮਲਾ ਕਰਕੇ ਵਰਤਾਏ ਖ਼ੂਨੀ ਘੱਲੂਘਾਰੇ ਦੀ 41 ਵੇ ਵਰ੍ਹੇ ਨੂੰ ਸਮਰਪਿਤ ਦੇਸ਼ ਵਿਦੇਸ਼ ਵਿੱਚ ਰੱਖੇ ਸਮਾਗਮਾਂ, ਸੈਮੀਨਾਰਾਂ ਤੇ ਰੋਹ ਮੁਜ਼ਾਹਰਿਆਂ ਵਿੱਚ ਵੱਧ ਤੋਂ ਵੱਧ ਸ਼ਾਮਲ ਹੋ ਕੇ, ਜੋ ਇਸ ਘੱਲੂਘਾਰੇ ਨੂੰ ਭੁੱਲ ਗਏ ਜਾਂ ਭੁੱਲ ਜਾਣ ਦੀਆਂ ਸਲਾਹਾਂ ਦੇ ਰਹੇ ਹਨ ਉਹਨਾਂ ਲੋਕਾਂ ਦੇ ਨਾ ਪਾਕਿ ਇਰਾਦਿਆਂ ਨੂੰ ਸਿੱਖ ਕੌਮ ਨਕਾਮ ਕਰੇ । ਸਿੱਖ ਵਿਦਵਾਨ ਮਹਿਬੂਬ ਦੇ ਕਥਨ ਅਨੁਸਾਰ ਖਾਲਸਾ ਜੀਓ ! ਪੰਥਕ ਅਪਮਾਨ ਕਦੇ ਨਾਂਹ ਭੁੱਲਣਾ, ਕਿਉਕਿ ਅਣਖ ਨੂੰ ਪ੍ਰਚੰਡ ਕੀਤੇ ਬਿਨਾ ਨਹੀਂ ਹੋ ਸਕਦਾ । ਦੂਜੇ ਪਾਸੇ ਸਹੀ ਅਮਲ ਤੇਜ਼ ਬੁੱਧੀ ਜ਼ਿਹਨੀ ਗੁਲਾਮੀ ਤੋ ਅਜ਼ਾਦ ਚੇਤਨਾ ਨੂੰ ਕੇਵਲ ਅਣਖ ਦੇ ਪ੍ਰਚੰਡ ਰੂਪ ਹੀ ਜਨਮ ਦਿੰਦੇ ਹਨ ਦੋਖੀਆਂ ਨੂੰ ਮੁਆਫ ਕਰਨਾ ਸਾਡਾ ਧਰਮ ਹੈ, ਪਰ ਕੇਵਲ ਉਦੋਂ ਜਦੋਂ ਉਹ ਕਿਸੇ ਕਮਾਈ ਰਾਹੀਂ ਇਸ ਦੇ ਹੱਕਦਾਰ ਨਾ ਹੋ ਜਾਣ । ਬੇ ਮਤਲਬ ਖਿਮਾ ਜਿੱਥੇ ਹਾਉਮੈ ਤੇ ਅਨੇਕਾਂ ਰੋਗਾਂ ਨੂੰ ਜਨਮ ਦਿੰਦੀ ਹੈ । ਸੋ ਬ੍ਰਮਣਵਾਦੀ ਸੋਚ ਦੀ ਧਾਰਨੀ ਹਿੰਦੁਸਤਾਨ ਦੀ ਹਕੂਮਤ ਵੱਲੋਂ ਸ਼੍ਰੀ ਦਰਬਾਰ ਸਾਹਿਬ ਤੇ ਹਮਲਾ ਤੇ ਉਸ ਤੋ ਬਾਆਦ ਸਿੱਖ ਕੌਮ ਦੀ ਧਾਰਮਿਕ , ਆਰਥਿਕ , ਰਾਜਨੀਤਿਕ, ਸਮਾਜਿਕ ਤੇ ਸੱਭਿਆਚਰਿਕ ਤੌਰਤੇ ਤੇ ਕੀਤੀ ਜਾ ਰਿਹੀ ਨਸਲਕੁਸ਼ੀ ਰਾਹੀਂ ਜੋ ਘੋਰ ਅਪਮਾਨ ਕੀਤਾ ਜਾ ਰਿਹਾ ਹੈ ਇਹ ਨਾ ਭੁਲੱਣਯੋਗ ਤੇ ਨਾ ਬਖੱਸ਼ਣਯੋਗ ਬਜੱਰਗੁਨਾਹ ਹੈ ਬੇਸ਼ੱਕ ਸਿੱਖ ਕੌਮ ਦੇ ਸਿਧਾਂਤਹੀਣ ਇੱਕ ਵੱਡੇ ਹਿੱਸੇ ਤੇ ਅਖੌਤੀ ਲੀਡਰਾਂ ਨੇ ਕੁਰਸੀ ਤੇ ਨਿੱਜੀ ਹਿੱਤਾਂ ਦੀ ਖ਼ਾਤਰ ਇਸ ਬ੍ਰਹਮਵਾਦੀ ਹਿੰਦੁਸਤਾਨ ਦੀ ਹਕੂਮਤ ਦੇ ਬੱਜਰ ਗੁਨਾਹ ਨੂੰ ਭੁੱਲਾ ਦਿੱਤਾ ਹੈ ਤੇ ਪੂਰੀ ਕੌਮ ਨੂੰ ਭੁੱਲ ਜਾਣ ਦੀਆ ਨਸੀਹਤਾਂ ਕਰ ਰਹੇ ਹਨ ਪਰ ਗੁਰੂ ਗ੍ਰੰਥ ਤੇ ਪੰਥ ਨੂੰ ਸਮਰਪਿਤ ਗੁਰੂ ਦਾ ਨਿਰਾਲਾ ਖਾਲਸਾ ਪੰਥ ਸਿੱਖ ਕੌਮ ਦੇ ਸਵੈਮਾਣ ਨਾਲ ਜੀਉਣ ਦੇ ਆਪਣੇ ਹੱਕ ਅਜ਼ਾਦ ਦੇਸ਼ ਖਾਲਿਸਤਾਨ ਲਈ ਸੰਘਰਸ਼ਸ਼ੀਲ ਹੈ ।ਜੂਨ 84 ਦੇ ਤੀਜੇ ਖ਼ੂਨੀ ਘਲੂਘਾਰੇ ਨੂੰ ਗੁਰੂ ਨਾਲ ਪਿਆਰ ਕਰਨ ਵਾਲੇ 40 ਸਾਲ ਬੀਤ ਜਾਣ ਦੇ ਬਾਅਦ ਵੀ ਭੁੱਲੇ ਨਹੀਂ ਚੜ੍ਹਦੇ ਜੂਨ ਉਹ ਮੰਨੂਵਾਦੀ ਹਿੰਦੁਸਤਾਨ ਦੀ ਹਕੂਮਤ ਵੱਲੋਂ ਦਿੱਤੇ ਜ਼ਖ਼ਮਾਂ ਨੂੰ ਅੱਲੇ ਤੇ ਤਾਜ਼ੇ ਸਮਝਦਾ ਹੋਇਆ ਦੇਸ਼ ਵਿਦੇਸ਼ ਵਿੱਚ ਆਪਣੇ ਰੋਹ ਦਾ ਪ੍ਰਗਟਾਵਾਂ ਕਰਦਾ ਹੈ ਇਸੇ ਸਦੰਰਭ ਵਿੱਚ 6 ਜੂਨ ਦਿਨ ਸ਼ੁੱਕਰਵਾਰ ਨੂੰ ਦੁਪਹਿਰ 1 ਵਜੇ ਤੋ 4 ਵਜੇ ਤੱਕ ਜਰਮਨ ਦੀਆਂ ਸਮੂਹ ਪੰਥਕ ਜਥੇਬੰਦੀਆਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਹਿੰਦੁਸਤਾਨ ਦੀ ਫਰੈਕਫੋਰਟ ਵਿੱਚ ਸਥਿਤ ਕੌਂਸਲੇਟ ਸਾਹਮਣੇ ਰੋਹ ਮੁਜ਼ਾਹਰਾ ਕੀਤਾ ਜਾ ਰਿਹਾ ਹੈ ।ਜਰਮਨ ਦੇ ਨੁਮਾਇੰਦਿਆ ਵੱਲੋ ਸਿੱਖ ਕੌਮ ਨਾਲ ਵਰਤਾਏ ਖ਼ੂਨੀ ਘੱਲੂਘਾਰੇ ਦੇ ਕਹਿਰ ਦਾ ਤਸਵੀਰਾਂ ਤੇ ਜਰਮਨ ਭਾਸ਼ਾਂ ਵਿੱਚ ਗੁਰਦੁਆਰਾ ਫਰੈਕਫੋਰਟ ਵਿੱਚ 7 ਜੂਨ ਨੂੰ 14 ਜੂਨ ਗੁਰਦੁਆਰਾ ਕਲੋਨ ਵਿੱਚ ਪ੍ਰਦਰਸ਼ਨੀ ਲਗਾਕੇ ਹਿੰਦੁਸਤਾਨ ਦੀ ਹਕੂਮਤ ਦੇ ਧਰਮਨਿਰਪੱਖ ਤੇ ਲੋਕ-ਤੰਤਰ ਦੇ ਬੁਰਕੇ ਵਿੱਚ ਹਿੰਦੂਫਾਸ਼ੀਵਾਦੀ ਚੇਹਰੇ ਨੂੰ ਨੰਗਾ ਕੀਤਾ ਜਾਵੇਗਾ । ਗੁਰੂ ਦੇ ਖਾਲਸਾ ਪੰਥ ਜੀਓ ਆਉ ਜੂਨ 84 ਦੇ ਘਲੂਘਾਰੇ ਨੂੰ ਆਪਣੀ ਸੁਰਤ ਕਰਕੇ ਮਹਿਸੂਸ ਕਰਦੇ ਹੋਏ ਸਿੱਖ ਕੌਮ ਦੇ ਅਜ਼ਾਦ ਘਰ ਖਾਲਿਸਤਾਨ ਵਾਸਤੇ ਸ਼ਹੀਦ ਹੋਏ ਸਮੂਹ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਉਹਨਾਂ ਦੇ ਪਵਿੱਤਰ ਸੁਪਨੇ ਮਨੁੱਖਤਾ ਦੇ ਭਲੇ ਵਾਲੇ ਅਜ਼ਾਦ ਦੇਸ਼ ਦੀ ਸਿਰਜਣਾ ਲਈ ਆਪਣਾ ਬਣਦਾ ਯੋਗਦਾਨ ਪਾਈਏ ।

## ਅੱਤਵਾਦ ਵਿਰੁੱਧ ਜਾਗਰੂਕ ਕਰਦਿਆਂ ਸਕੂਲੀ ਬੱਚਿਆਂ ਨੂੰ ਅੱਤਵਾਦ ਵਿਰੁੱਧ ਸਹੁੰ ਚੁਕਾਈ : ਪਰਮਜੀਤ ਪੰਮਾ

ਨਵੀਂ ਦਿੱਲੀ 17 ਮਈ (ਮਨਪ੍ਰੀਤ ਸਿੰਘ ਖਾਲਸਾ):- ਪੱਛਮੀ ਦਿੱਲੀ ਦੇ ਨਿਹਾਲ ਵਿਹਾਰ ਵਿੱਚ ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਬੀ.ਆਰ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਸੈਂਕੜੇ ਬੱਚਿਆਂ ਨੂੰ ਅੱਤਵਾਦ ਵਿਰੁੱਧ ਲੜਨ ਦੀ ਸਹੁੰ ਚੁਕਾਈ। ਇਸ ਮੌਕੇ ਚੇਅਰਮੈਨ ਐਚ.ਪੀ.ਐਸ. ਬਖਸ਼ੀ, ਪ੍ਰਧਾਨ ਸ਼੍ਰੀਮਤੀ ਬੀਨਾ ਬਖਸ਼ੀ, ਡਾਇਰੈਕਟਰ ਪ੍ਰੀਤਜੀਤ ਬਖਸ਼ੀ, ਪ੍ਰਿੰਸੀਪਲ ਰੁਪਿੰਦਰ ਕੌਰ, ਤਾਨਿਆਜੀਤ ਕੌਰ, ਨੈਸ਼ਨਲ ਅਕਾਲੀ ਦਲ ਮਹਿਲਾ ਵਿੰਗ ਦੀ ਕੌਮੀ ਪ੍ਰਧਾਨ ਭਾਵਨਾ ਧਵਨ, ਉੱਘੇ ਸਮਾਜ ਸੇਵੀ ਰਾਜੇਸ਼ ਚੌਹਾਨ ਸਮੇਤ ਸਕੂਲ ਦੇ ਬੱਚੇ ਵਡੀ ਗਿਣਤੀ 'ਚ ਹਾਜ਼ਰ ਸਨ। ਇਸ ਮੌਕੇ ਬੱਚਿਆਂ ਨੇ ਅੱਤਵਾਦ ਵਿਰੁੱਧ ਆਪਣੇ ਹੱਥੀਂ ਬਣੀਆਂ ਪੇਂਟਿੰਗਾਂ ਵਾਲੇ ਬੈਨਰ ਫੜੇ ਹੋਏ ਸਨ ਤੇ ਨਾਲ ਹੀ ਬੱਚੇ ਇਨਕਲਾਬ ਜ਼ਿੰਦਾਬਾਦ ਦੇ ਨਾਅਰੇ ਲਗਾ ਰਹੇ ਸਨ। ਇਸ ਮੌਕੇ ਪਰਮਜੀਤ ਸਿੰਘ ਪੰਮਾ ਨੇ ਅੱਤਵਾਦ ਵਿਰੁੱਧ ਸਹੁੰ ਚੁੱਕਵਾਣ ਤੋਂ ਬਾਅਦ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਸਾਡੀ ਫੌਜ ਨੇ ਆਪ੍ਰੇਸ਼ਨ ਸਿੰਦੂਰ ਚਲਾ ਕੇ ਅੱਤਵਾਦੀਆਂ ਨੂੰ ਢੁੱਕਵਾਂ ਜਵਾਬ ਦਿੱਤਾ ਹੈ, ਉਸ ਨਾਲ ਪੂਰਾ ਦੇਸ਼ ਫੌਜ 'ਤੇ ਮਾਣ ਕਰਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਬੱਚਿਆਂ ਨੂੰ ਅੱਤਵਾਦ ਬਾਰੇ ਵੀ ਜਾਗਰੂਕ ਕਰਨਾ ਚਾਹੀਦਾ ਹੈ ਤਾਂ ਜੋ ਬੱਚੇ ਦੇਸ਼ ਭਗਤ ਬਣਨ ਅਤੇ ਆਪਣੇ ਆਲੇ-ਦੁਆਲੇ ਹੋ ਰਹੀਆਂ ਗਲਤ ਗਤੀਵਿਧੀਆਂ 'ਤੇ ਨਜ਼ਰ ਰੱਖ ਕੇ ਪ੍ਰਸ਼ਾਸਨ ਦੀਆਂ ਅੱਖਾਂ ਅਤੇ ਕੰਨ ਬਣਨ। ਅੰਤ ਵਿਚ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਵਿਦੇਸ਼ੀ ਕੰਪਨੀਆਂ ਵੀ ਔਨਲਾਈਨ ਗੇਮਾਂ ਰਾਹੀਂ ਸਾਡੇ ਬੱਚਿਆਂ ਦਾ ਭਵਿੱਖ ਖਰਾਬ ਕਰ ਰਹੀਆਂ ਹਨ। ਇਸ ਬਾਰੇ ਬੱਚਿਆਂ ਨੂੰ ਵੀ ਜਾਗਰੂਕ ਕਰਨ ਦੀ ਲੋੜ ਹੈ। ਉਨ੍ਹਾਂ ਦੀ ਸਾਜ਼ਿਸ਼ ਸਾਡੇ ਬੱਚਿਆਂ ਨੂੰ ਖਿਡਾਰੀ, ਕਲਾਕਾਰ ਜਾਂ ਸਿਪਾਹੀ ਬਣਨ ਤੋਂ ਰੋਕਣ ਅਤੇ ਔਨਲਾਈਨ ਗੇਮਾਂ ਰਾਹੀਂ ਉਨ੍ਹਾਂ ਦੇ ਭਵਿੱਖ ਨੂੰ ਖਰਾਬ ਕਰਨ ਦੀ ਹੈ।

## ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# 'ਮਹਾਨ ਗੁਰਮਤਿ ਸਮਾਗਮ' ਗੁਰਦੁਆਰਾ ਲਖਨੌਰ ਸਾਹਿਬ ਅੰਬਾਲਾ ਵਿਖੇ ਕਰਵਾਇਆ ਗਿਆ













ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ "ਮਹਾਨ ਗੁਰਮਤਿ ਸਮਾਗਮ" ਉਨਾਂ ਦੇ ਪੇਕੇ ਨਗਰ ਗੁਰਦੁਆਰਾ ਲਖਨੌਰ ਸਾਹਿਬ ਅੰਬਾਲਾ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 14 ਮਈ 2025 ਨੂੰ ਚੜਦੀਕਲਾ ਨਾਲ ਕੀਤਾ ਗਿਆ ਜਿਸ ਵਿੱਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜੂਰੀ ਰਾਗੀ ਭਾਈ ਜਬਰਤੋੜ ਸਿੰਘ,ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਭਾਈ ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਸ ਸਮੇਂ ਭਾਈ ਗੁਰਤੇਜ ਸਿੰਘ ਅੰਬਾਲਾ ਮੈਂਬਰ,ਭਾਈ ਰਜਿੰਦਰ ਸਿੰਘ ਬਰਾੜਾ ਮੈਂਬਰ,ਭਾਈ ਰੁਪਿੰਦਰ ਸਿੰਘ ਪੰਜੋਖਰਾ ਸਾਹਿਬ ਮੈਂਬਰ,ਭਾਈ ਸੁਖਦੇਵ ਸਿੰਘ ਨਨਿਓਲਾ ਮੈਂਬਰ,ਭਾਈ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਭਾਈ ਗੁਰਭੇਜ ਸਿੰਘ ਇੰਚਾਰਜ ਧਰਮ ਪ੍ਰਚਾਰ ਕੁਰੂਕਸ਼ੇਤਰ,ਭਾਈ ਕੁਲਦੀਪ ਸਿੰਘ ਭਾਣੋਖੇੜੀ ਮੈਨੇਜਰ ਪੰਜੋਖਰਾ ਸਾਹਿਬ,ਭਾਈ ਅਰਜਨ ਸਿੰਘ ਮੈਨੇਜਰ ਲਖਨੌਰ ਸਾਹਿਬ,ਗਿਆਨੀ ਬੂਟਾ ਸਿੰਘ ਮੁੱਖ ਗ੍ਰੰਥੀ ਪੰਜੋਖਰਾ ਸਾਹਿਬ,ਭਾਈ ਗੱਜਨ ਸਿੰਘ ਮਸੀਂਗਣ ਧਰਮੀ ਫੌਜੀ,ਭਾਈ ਹਰਪਾਲ ਸਿੰਘ ਧਰਮੀ ਫੌਜੀ,ਜਥੇਦਾਰ ਸੁਖਦੇਵ ਸਿੰਘ ਗੋਬਿੰਦਗੜ ਵੀ ਹਾਜ਼ਰ ਸਨ ਸਾਰਿਆਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ। ਯਾਦਗਾਰੀ ਤਸਵੀਰ

# ਇੱਕ ਨਜ਼ਰ ...



## ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਨੂੰ ਲਾਈਵ ਓਲੰਪਿਆਡ ਵੱਲੋਂ ਸਕਾਲਰਲੀ ਸਕੂਲ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ

ਜੰਡਿਆਲਾ ਗੁਰੂ 17 ਮਈ ( ਕੁਲਵੰਤ ਸਿੰਘ ਵਿਰਦੀ) ਸੇਂਟ ਸੋਲਜਰ ਸਕੂਲ ਇਹ ਐਲਾਨ ਕਰਦੇ ਹੋਏ ਬਹੁਤ ਮਾਣ ਮਹਿਸੂਸ ਕਰ ਰਿਹਾ ਹੈ ਕਿ ਸਾਡੇ ਸਕੂਲ ਨੂੰ ਲਾਈਵ ਓਲੰਪਿਆਡ ਵੱਲੋਂ ਵੱਕਾਰੀ ਸਕਾਲਰਲੀ ਸਕੂਲ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ, ਜੋ ਕਿ ਇੱਕ ਰਾਸ਼ਟਰੀ ਪੱਧਰ 'ਤੇ ਪ੍ਰਸ਼ੰਸਾਯੋਗ ਅਕਾਦਮਿਕ ਪਲੇਟਫਾਰਮ ਹੈ। ਇਹ ਸ਼ਾਨਦਾਰ ਪ੍ਰਾਪਤੀ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਜੀ ਦੀ ਸ਼ਾਨਦਾਰ ਅਗਵਾਈ ਅਤੇ ਵੱਖ-ਵੱਖ ਅਕਾਦਮਿਕ ਵਿਸ਼ਿਆਂ ਵਿੱਚ ਸਾਡੇ ਸਮਰਪਿਤ ਵਿਦਿਆਰਥੀਆਂ ਦੇ ਸ਼ਲਾਘਾਯੋਗ ਪ੍ਰਦਰਸ਼ਨ ਨੂੰ ਮਾਨਤਾ ਦਿੰਦੀ ਹੈ। ਇਹ ਪੁਰਸਕਾਰ ਉਨ੍ਹਾਂ ਸਕੂਲਾਂ ਨੂੰ ਦਿੱਤਾ ਜਾਂਦਾ ਹੈ ਜੋ ਅਕਾਦਮਿਕ ਉੱਤਮਤਾ, ਸਿੱਖਿਆ ਵਿੱਚ ਨਵੀਨਤਾ ਅਤੇ ਵਿਦਿਅਕ ਮੁਕਾਬਲਿਆਂ ਵਿੱਚ ਸਰਗਰਮ ਭਾਗੀਦਾਰੀ ਪ੍ਰਤੀ ਵਚਨਬੱਧਤਾ ਦਾ ਪ੍ਰਦਰਸ਼ਨ ਕਰਦੇ ਹਨ। ਵਿਗਿਆਨ, ਗਣਿਤ ਅਤੇ ਇੰਗਲਿਸ਼ ਵਿੱਚ ਲਾਈਵ ਓਲੰਪਿਆਡ ਮੁਲਾਂਕਣਾਂ ਵਿੱਚ ਸਾਡੇ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜਿਆਂ ਨੇ ਇਸ ਪੁਰਸਕਾਰ ਵਿੱਚ ਮੁੱਖ ਭੂਮਿਕਾ ਨਿਭਾਈ। ਇਸ ਮੌਕੇ ਤੇ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ "ਇਹ ਪੁਰਸਕਾਰ ਸਾਡੇ ਸਾਰਿਆਂ ਲਈ ਬਹੁਤ ਮਾਣ ਵਾਲਾ ਪਲ ਹੈ। ਇਹ ਸਾਡੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਸਾਡੇ ਪ੍ਰਤਿਭਾਸ਼ਾਲੀ ਅਧਿਆਪਕਾਂ ਦੀ ਅਗਵਾਈ ਅਤੇ ਸਾਡੇ ਮਾਪਿਆਂ ਦੀ ਸਹਾਇਕ ਭੂਮਿਕਾ ਨੂੰ ਦਰਸਾਉਂਦਾ ਹੈ। ਇਹ ਸੱਚਮੁੱਚ ਇੱਕ ਸਮੂਹਿਕ ਪ੍ਰਾਪਤੀ ਹੈ।" ਇਸੇ ਤਰਾਂ ਸਕੂਲ ਦੇ ਕਈ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਅਕਤੀਗਤ ਪ੍ਰਦਰਸ਼ਨ ਲਈ ਵੀ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ ਲਾਈਵ ਓਲੰਪਿਆਡ ਦੁਆਰਾ ਕਰਵਾਏ ਗਏ ਰਾਸ਼ਟਰੀ ਪੱਧਰ ਦੇ ਮੁਲਾਂਕਣਾਂ ਵਿੱਚ ਚੋਟੀ ਦੇ ਸਥਾਨ ਪ੍ਰਾਪਤ ਕੀਤੇ। ਜਿਨ੍ਹਾਂ ਦੇ ਨਾਮ ਆਰਵੀ ਅਮਰਨਾਥ (ਇੰਗਲਿਸ਼ ), ਐਸ਼ਮੀਤ ਕੌਰ (ਇੰਗਲਿਸ਼), ਸਮਰੀਨ ਕੌਰ (ਮੈਥ ), ਹਰਸਿਮਰਨ ਕੌਰ (ਮੈਥ ) ਅਤੇ ਰਾਜਦੀਪ ਸਿੰਘ (ਇੰਗਲਿਸ਼) ਹਨ, ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਸਕੂਲ ਦੇ ਸੰਪੂਰਨ ਸਿੱਖਿਆ ਅਤੇ ਅਕਾਦਮਿਕ ਉੱਤਮਤਾ 'ਤੇ ਧਿਆਨ ਕੇਂਦਰਿਤ ਕਰਨ ਦਾ ਪ੍ਰਮਾਣ ਹਨ। ਉਨ੍ਹਾਂ ਕਿਹਾ ਕਿ ਇਹ ਪੁਰਸਕਾਰ ਪੂਰੇ ਸਕੂਲ ਨੂੰ ਸਿੱਖਿਆ ਵਿੱਚ ਉੱਚ ਮਿਆਰਾਂ ਲਈ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕਰਦਾ ਹੈ ਅਤੇ ਸਕੂਲ ਦੇ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਨੂੰ ਉਜਵਲ ਬਣਾਉਣ ਦੇ ਵਿਸ਼ਵਾਸ ਨੂੰ ਹੋਰ ਮਜਬੂਤੀ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਜੀ, ਸਨਮਾਨਿਤ ਵਿਦਿਆਰਥੀਆਂ ਅਤੇ ਸਾਰੇ ਸਟਾਫ ਮੈਂਬਰਾਂ ਨੂੰ ਇਸ ਸ਼ਲਾਘਾਯੋਗ ਮੀਲ ਪੱਥਰ ਲਈ ਵਧਾਈ ਦਿੱਤੀ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

## ਦਿੱਲੀ ਕਮੇਟੀ ਵੱਲੋਂ ਪੁਣਛ 'ਚ ਪਾਕਿਸਤਾਨੀ ਹਮਲੇ 'ਚ ਸ਼ਹੀਦ ਸਿੱਖਾਂ ਨੂੰ 2 ਲੱਖ ਅਤੇ ਗੁਰਦੁਆਰਾ ਸਾਹਿਬ ਦੀ ਮੁਰੰਮਤ ਲਈ 10 ਲੱਖ ਰੁਪਏ ਜਾਰੀ ਕਰਨ ਦਾ ਐਲਾਨ



ਨਵੀਂ ਦਿੱਲੀ, 17 ਮਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਡੀਆ ਸੈਲ ਦੇ ਚੇਅਰਮੈਨ ਸੁਖਵਿੰਦਰ ਸਿੰਘ ਬੱਬਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਫੈਸਲਾ ਕੀਤਾ ਹੈ ਕਿ ਪਾਕਿਸਤਾਨ ਦੇ ਹਮਲੇ ਵਿਚ ਜੰਮੂ ਦੇ ਪੁਣਛ ਵਿਚ ਸ਼ਹੀਦ ਹੋਏ 4 ਸਿੱਖਾਂ ਦੇ ਪਰਿਵਾਰਾਂ ਅਤੇ ਗੁਰਦੁਆਰਾ ਸਾਹਿਬਾਨ ਦੀ ਮੁਰੰਮਤ ਵਾਸਤੇ 10 ਲੱਖ ਰੁਪਏ ਜਾਰੀ ਕੀਤੇ ਜਾਣਗੇ ਜਿਸ ਵਿਚ ਹਰ ਪਰਿਵਾਰ ਨੂੰ ਦੋ ਦੋ ਲੱਖ ਅਤੇ ਦੋ ਲੱਖ ਹੀ ਗੁਰਦੁਆਰਾ ਸਾਹਿਬ ਦੀ ਮੁਰੰਮਤ ਵਾਸਤੇ ਦਿੱਤੇ ਜਾਣਗੇ। ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਬੱਬਰ ਨੇ ਦੱਸਿਆ ਕਿ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਫੈਸਲਾ ਕੀਤਾ ਹੈ ਕਿ ਇਹ ਰਾਹਤ ਤੁਰੰਤ ਜਾਰੀ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਕਮੇਟੀ ਵੱਲੋਂ ਮੌਕੇ 'ਤੇ ਜਾ ਕੇ ਜਾਇਜ਼ਾ ਲੈਣ ਵਾਸਤੇ ਕਮੇਟੀ ਮੈਂਬਰ ਸਰਦਾਰ ਭੁਪਿੰਦਰ ਸਿੰਘ ਗਿੰਨੀ ਦੀ ਡਿਊਟੀ ਲਗਾਈ ਗਈ ਸੀ ਜਿਹਨਾਂ ਨੇ ਇਲਾਕੇ ਵਿਚ ਕ੍ਰਿਸ਼ਨਾ ਘਾਟੀ, ਮਨਕੋਟ ਤੇ ਪੁਣਛ ਸ਼ਹਿਰ ਵਿਚ ਜਾ ਕੇ ਪੀੜਤ ਪਰਿਵਾਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਸ਼ੈਲਿੰਗ ਵਿਚ ਜਿਹੜੇ ਗੁਰੂ ਘਰਾਂ ਨੂੰ ਨੁਕਸਾਨ ਪਹੁੰਚਿਆ ਹੈ, ਉਹਨਾਂ ਦਾ ਵੀ ਜਾਇਜ਼ਾ ਲਿਆ। ਸਰਦਾਰ ਬੱਬਰ ਨੇ ਦੱਸਿਆ ਕਿ ਜਲਦੀ ਹੀ ਕਮੇਟੀ ਦੀ ਇਕ ਟੀਮ ਪੁਣਛ ਪਹੁੰਚ ਕੇ ਪ੍ਰਭਾਵਤ ਪਰਿਵਾਰਾਂ ਨੂੰ ਮੁਆਵਜ਼ਾ ਦੇ ਚੈਕ ਸੌਂਪੇਗੀ।

## ਝੋਨੇ ਦੀ ਸਿੱਧੀ ਬਿਜਾਈ ਦੀ ਸ਼ੁਰੂਆਤ ਕਰਵਾਈ ਕੀਤੀ ਗਈ ਝੋਨੇ ਦੀ ਸਿੱਧੀ ਬਿਜ਼ਾਈ ਨਾਲ ਹੋਵੇਗੀ ਪਾਣੀ ਦੀ ਬਚਤ- ਖੇਤੀਬਾੜੀ ਅਫਸਰ



ਜੰਡਿਆਲਾ ਗੁਰੂ 17 ਮਈ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਰਕਾਰ ਦੇ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਉਪਰਾਲੇ ਤਹਿਤ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼੍ਰੀ ਸਾਕਸ਼ੀ ਸਾਹਨੀ ਦੇ ਦਿਸ਼ਾ ਨਿਰਦੇਸ਼ ਅਤੇ ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਡਾ. ਬਲਜਿੰਦਰ ਸਿੰਘ ਭੁੱਲਰ ਦੀ ਅਗਵਾਈ ਹੇਠ ਬਲਾਕ ਖੇਤੀਬਾੜੀ ਅਫਸਰ ਡਾ. ਗੁਰਮੀਤ ਸਿੰਘ ਰਿਆੜ ਵੱਲੋ ਪਿੰਡ ਜੋਧਾਨਗਰੀ ਵਿਖੇ ਕਿਸਾਨ ਇਕਬਾਲ ਸਿੰਘ ਦੇ ਖੇਤਾਂ ਵਿਚ ਝੋਨੇ ਦੀ ਸਿੱਧੀ ਬਿਜਾਈ ਦੀ ਸ਼ੁਰੂਆਤ ਕਰਵਾਈ ਗਈ । ਇਸ ਮੌਕੇ ਵਿਭਾਗ ਵੱਲੋ ਖੇਤੀਬਾੜੀ ਵਿਕਾਸ ਅਫਸਰ ਸਤਵਿੰਦਰਬੀਰ ਸਿੰਘ, ਹਰਉਪਿੰਦਰਜੀਤ ਸਿੰਘ ਅਤੇ ਅਗਾਹਵਧੂ ਕਿਸਾਨ ਇਕਬਾਲ ਸਿੰਘ, ਮੁਖਬੈਨ ਸਿੰਘ, ਨੰਬਰਦਾਰ ਬਿਕਰਮਜੀਤ ਸਿੰਘ, ਤਲਵਿੰਦਰ ਸਿੰਘ, ਮੈਂਬਰ ਪਰਮਿੰਦਰ ਸਿੰਘ, ਜਸਬੀਰ ਸਿੰਘ ਸਾਬਕਾ ਮੈਂਬਰ, ਮਨਜੀਤ ਸਿੰਘ, ਰਵੀ ਸਰਤਾਜ ਸਿੱਧੂ,ਹਰਜੀਤ ਸਿੰਘ ਥਿੰਦ, ਬਲਦੇਵ ਸਿੰਘ, ਜਗਦੀਪ ਸਿੰਘ ਆਦਿ ਹਾਜ਼ਰ ਸਨ । ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਡਾ ਗੁਰਮੀਤ ਸਿੰਘ ਰਿਆੜ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਨੂੰ ਸਰਕਾਰ ਵੱਲੋ ਉਤਸ਼ਾਹਿਤ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਭਵਿੱਖ ਦਾ ਸਭ ਤੋ ਅਹਿਮ ਜ਼ਰੂਰਤ ਪਾਣੀ ਨੂੰ ਬਚਾ ਸਕੀਏ । ਝੋਨੇ ਦੀ ਸਿੱਧੀ ਬਿਜਾਈ ਕਰਨ ਨਾਲ ਧਰਤੀ ਹੇਠਲੇ ਪਾਣੀ ਦੀ 15-20% ਬਚਤ ਹੁੰਦੀ ਹੈ । ਉਹਨਾ ਕਿਹਾ ਕਿ ਸਰਕਾਰ ਵੱਲੋ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸ਼ਾਹਨ ਰਾਸ਼ੀ ਦਿੱਤੀ ਜਾਵੇਗੀ।

### ਬਲਾਕ ਤਲਵੰਡੀ ਸਾਬੋ ਦੀਆਂ ਸਮੂਹ ਸਿਹਤ ਸੰਸਥਾਵਾਂ ਤੇ ਮਨਾਇਆ ਗਿਆ ਵਿਸ਼ਵ ਹਾਈਪਰਟੈਨਸ਼ਨ ਦਿਵਸ

## 30 ਸਾਲ ਤੋਂ ਜ਼ਿਆਦਾ ਉਮਰ ਹਰ ਵਿਆਕਤੀ ਲਈ ਆਪਣਾ ਬਲੱਡ ਪ੍ਰੈਸ਼ਰ ਸਮੇਂ ਸਿਰ ਚੈੱਕ ਕਰਵਾਉਣਾ ਜ਼ਰੂਰੀ: ਡਾ. ਰਵੀ ਕਾਂਤ



ਤਲਵੰਡੀ ਸਾਬੋ, 17 ਮਈ (ਗੁਰਜੰਟ ਸਿੰਘ ਨਥੇਹਾ)- ਸਿਹਤ ਮੰਤਰੀ ਪੰਜਾਬ ਡਾ. ਬਲਵੀਰ ਸਿੰਘ, ਪ੍ਰੋ. ਬਲਜਿੰਦਰ ਕੌਰ ਚੀਫ਼ ਵਿੱਪ ਪੰਜਾਬ ਐਮਐਲਏ ਤਲਵੰਡੀ ਸਾਬੋ ਅਤੇ ਸਿਵਲ ਸਰਜਨ ਬਠਿੰਡਾ ਡਾ. ਰਮਨਦੀਪ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਪਾਇਲ ਡਾ. ਰਵੀ ਕਾਂਤ ਦੀ ਅਗਵਾਈ ਹੇਠ ਐਸਡੀਐਚ ਤਲਵੰਡੀ ਸਾਬੋ ਸਮੇਤ ਬਲਾਕ ਦੀਆਂ ਸਮੂਹ ਸਿਹਤ ਸੰਸਥਾਵਾ ਤੇ ਵਿਸ਼ਵ ਹਾਈਪਰਟੈਨਸ਼ਨ ਦਿਵਸ ਮਨਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਐੱਸਐੱਮਓ ਡਾ. ਰਵੀ ਕਾਂਤ ਨੇ ਕਿਹਾ ਕਿ ਹਰ ਸਾਲ 17 ਮਈ ਨੂੰ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾਇਆ ਜਾਂਦਾ ਹੈ ਤੇ ਸਿਹਤ ਵਿਭਾਗ ਵੱਲੋਂ ਨੈਸ਼ਨਲ ਪ੍ਰੋਗਰਾਮ ਫਾਰ ਪ੍ਰਵੈਂਸ਼ਨ ਐਂਡ ਕੰਟਰੋਲ ਆਫ ਨਾਨ ਕਮਿਊਨੀਕੇਬਲ ਡਸੀਸਜ ਜਿਸ ਨੂੰ ਗੈਰਸੰਚਾਰੀ ਰੋਗ ਕਿਹਾ ਜਾਂਦਾ ਹੈ ਇਸ ਅਧੀਨ ਪਹਿਲਾਂ ਤੋਂ ਹੀ ਹਾਈਪਰਟੈਂਸ਼ਨ, ਸ਼ੂਗਰ ਦੀ ਬੀਮਾਰੀ ਅਤੇ ਕੈਂਸਰ ਜਿਵੇ ਕਿ ਮੂੰਹ, ਛਾਤੀ ਅਤੇ ਬੱਚੇਦਾਨੀ ਦੇ ਕੈਂਸਰ ਸੰਬਧੀ ਪਹਿਲਾ ਤੋਂ ਹੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਾਈਪਰਟੈਨਸ਼ਨ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਦਾ ਮੁੱਖ ਕਾਰਨ ਹੈ ਜਿਵੇਂ ਕਿ ਸਟ੍ਰੋਕ, ਦਿਲ ਦੇ ਦੌਰੇ ਅਤੇ ਗੁਰਦੇ ਦੀ ਬਿਮਾਰੀ, ਅਤੇ ਇਹ ਡਿਮੇਨਸ਼ੀਆ (ਦਿਮਾਗੀ ਕਮਜੋਰੀ) ਵਿੱਚ ਵੀ ਯੋਗਦਾਨ ਪਾ ਸਕਦੀ ਹੈ। ਬਹੁਤ ਸਾਰੇ ਲੋਕ ਜੋ ਹਾਈਪਰਟੈਨਸ਼ਨ ਤੋਂ ਪੀੜਤ ਹੁੰਦੇ ਹਨ, ਉਹਨਾਂ ਨੂੰ ਇਹ ਪਤਾ ਨਹੀਂ ਹੁੰਦਾ ਕਿ ਉਹ ਇਸ ਬੀਮਾਰੀ ਨਾਲ ਗ੍ਰਸਤ ਹਨ ਕਿਉਂਕਿ ਇਸਦਾ ਕੋਈ ਵੀ ਲੱਛਣ ਨਹੀਂ ਹੋ ਸਕਦਾ, ਅਕਸਰ ਲੋਕਾਂ ਨੂੰ ਦਿਲ ਦਾ ਦੌਰਾ ਪੈਣ ਜਾਂ ਦੌਰਾ ਪੈਣ ਤੋਂ ਬਾਅਦ ਹੀ ਪਤਾ ਲੱਗਦਾ ਹੈ। ਇਸ ਮੌਕੇ ਗੁਰਸਿਮਰਤ ਕੌਰ ਬਲਾਕ ਐਕਸਟੈਂਸ਼ਨ ਐਜੂਕੇਟਰ ਨੇ ਕਿਹਾ ਕਿ ਇਸ ਦਿਨ ਦਾ ਮੁੱਖ ਉਦੇਸ਼ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਹਾਈਪਰਟੈਨਸ਼ਨ ਬਾਰੇ ਜਾਗਰੂਕਤਾ ਵਧਾਉਣਾ ਹੈ, ਜਿਸ ਨੂੰ ਆਮ ਤੌਰ 'ਤੇ ਹਾਈ ਬਲੱਡ ਪ੍ਰੈਸ਼ਰ ਵੀ ਕਿਹਾ ਜਾਂਦਾ ਹੈ। ਇਸ ਦਾ ਉਦੇਸ਼ ਬਲੱਡ ਪ੍ਰੈਸ਼ਰ ਦੇ ਸਹੀ ਮਾਪ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਵਿਸ਼ਵ ਦੀ ਆਬਾਦੀ ਦਾ 30 ਪ੍ਰਤੀਸ਼ਤ ਤੋਂ ਵੱਧ, ਭਾਵ ਵਿਸ਼ਵ ਦੀ 1 ਅਰਬ ਤੋਂ ਵੱਧ ਆਬਾਦੀ ਹਾਈਪਰਟੈਨਸ਼ਨ ਤੋਂ ਪ੍ਰਭਾਵਿਤ ਹੈ। ਇਹ ਜੋਖਮ ਦਾ ਮੁੱਢਲਾ ਕਾਰਕ ਵੀ ਹੈ ਜੋ ਕਈ ਕਾਰਡੀਓਵੈਸਕੁਲਰ ਬਿਮਾਰੀਆਂ ਜਿਵੇਂ ਕਿ ਕੋਰੋਨਰੀ ਦਿਲ ਦੀ ਬਿਮਾਰੀ, ਗੁਰਦਿਆਂ ਦਾ ਫੇਲ ਹੋਣਾ, ਦਿਮਾਗੀ ਕਮਜ਼ੋਰੀ ਦਾ ਕਾਰਨ ਬਣਦਾ ਹੈ। ਹਾਈਪਰਟੈਨਸ਼ਨ ਭਾਰਤ ਵਿੱਚ ਇੱਕ ਵਧ ਰਹੀ ਸਮੱਸਿਆ ਹੈ ਅਤੇ ਸਿਹਤ ਪ੍ਰਣਾਲੀ 'ਤੇ ਮਹੱਤਵਪੂਰਨ ਬੋਝ ਦਾ ਕਾਰਨ ਬਣਦੀ ਜਾ ਰਹੀ ਹੈ। ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੀਵਨ ਸਿੰਘ ਵਾਲਾ ਵਿਖੈ ਜਾਗਰੂਕਤਾ ਸਮਾਗਮ ਕੀਤਾ ਗਿਆ ਜਿੱਥੇ ਨੋਡਲ ਅਫ਼ਸਰ ਐਨ.ਸੀ.ਡੀ ਡਾ. ਅਮਨਪ੍ਰੀਤ ਸਿੰਘ ਨੇ ਬੋਲਦਿਆ ਕਿਹਾ ਕਿ ਬਲੱਡ ਪ੍ਰੈਸ਼ਰ ਇੱਕ ਤੰਦਰੁਸਤ ਅਤੇ ਸਿਹਤਮੰਦ ਵਿਆਕਤੀ ਲਈ 120/80 ਲਗਭਗ ਹੋਣਾ ਚਾਹੀਦਾ ਹੈ ਅਤੇ ਹਾਈਪਰਟੈਂਸਿਵ ਆਬਾਦੀ ਲਈ ਬਿਨਾਂ ਕਿਸੇ ਹੋਰ ਪੇਚੀਦਗੀਆਂ ਦੇ ਅਤੇ ਸ਼ੂਗਰ ਰੋਗ ਜਾਂ ਗੰਭੀਰ ਗੁਰਦੇ ਦੀ ਬਿਮਾਰੀ ਵਾਲੇ ਲੋਕਾਂ ਲਈ 130/80 ਲਗਭਗ ਹੋਣਾ ਚਾਹੀਦਾ ਹੈ। ਹਾਲਾਂਕਿ ਇਸਦਾ ਕੋਈ ਇਲਾਜ ਨਹੀਂ ਹੈ, ਦਵਾਈਆਂ ਦੀ ਵਰਤੋਂ ਅਤੇ ਜੀਵਨਸ਼ੈਲੀ ਵਿੱਚ ਤਬਦੀਲੀਆਂ ਕਰਨ ਨਾਲ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਹੋ ਸਕਦਾ ਹੈ ਅਤੇ ਦਿਲ ਦੀ ਬਿਮਾਰੀ, ਸਟ੍ਰੋਕ, ਗੁਰਦੇ ਦੀ ਬਿਮਾਰੀ ਅਤੇ ਹੋਰ ਜੋਖਮ ਨੂੰ ਘਟਾਇਆ ਜਾ ਸਕਦਾ ਹੈ। ਅੰਤ ਵਿੱਚ ਸ੍ਰੀ ਮਨਜੀਤ ਸਿੰਘ ਬੀ.ਈ.ਈ ਨੇ ਦੱਸਿਆ ਕਿ ਸਾਨੂੰ ਸਾਰਿਆਂ ਨੂੰ ਚੰਗੀ-ਸੰਤੁਲਿਤ ਖੁਰਾਕ ਲੈਣੀ ਚਾਹੀਦੀ ਹੈ ਜਿਸ ਵਿੱਚ ਲੂਣ ਦੀ ਮਾਤਰਾ ਘੱਟ ਹੋਵੇ, ਸ਼ਰਾਬ ਦੀ ਵਰਤੋ ਨਹੀਂ ਕਰਨੀ ਚਾਹੀਦੀ, ਨਿਯਮਤ ਸਰੀਰਕ ਗਤੀਵਿਧੀ ਕਰਨੀਆਂ ਚਾਹੀਦੀਆਂ ਹਨ, ਤਣਾਅ ਦਾ ਪ੍ਰਬੰਧਨ ਕਰਨਾ, ਸਿਹਤਮੰਦ ਵਜ਼ਨ ਬਣਾ ਕੇ ਰੱਖਣਾ ਚਾਹੀਦਾ ਹੈ। ਸਿਗਰਟਨੋਸ਼ੀ ਨਹੀਂ ਕਰਨੀ ਚਾਹੀਦੀ, ਆਪਣੀਆਂ ਦਵਾਈਆਂ ਸਹੀ ਢੰਗ ਨਾਲ ਲੈਣੀਆਂ ਚਾਹੀਦੀਆਂ ਹਨ ਅਤੇ ਆਪਣੇ ਡਾਕਟਰ ਦੀ ਸਲਾਹ ਨਾਲ ਜੀਵਨਸ਼ੈਲੀ ਵਿੱਚ ਸੁਧਾਰ ਕਰਨਾ ਚਾਹੀਦਾ ਹੈ। ਇਸ ਮੌਕੇ ਡਾ. ਸ਼ਿਵਿੰਦਰ ਸਿੰਘ ਸੀ.ਐਚ.ਓ, ਸਿਮਰਜੀਤ ਕੌਰ ਏ.ਐੱਨ.ਐੱਮ, ਕਿਰਨ ਕੌਰ ਏ.ਐੱਨ.ਐੱਮ, ਜਸਕਰਨ ਸਿੰਘ ਮ.ਪ.ਹ.ਵ ਅਤੇ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੀਵਨ ਸਿੰਘ ਵਾਲਾ ਸਮੇਤ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਚੀਨ ਵਲੋਂ ਅਰੁਣਾਚਲ ਪ੍ਰਦੇਸ਼ ਅਤੇ ਉਸਦੇ ਸ਼ਹਿਰਾਂ ਦੇ ਨਾਮ ਬਦਲਣ ਦੇ ਬਾਵਜੂਦ ਇੰਡੀਆਂ ਇਸ ਉਤੇ ਕਾਰਵਾਈ ਕਿਉਂ ਨਹੀਂ ਕਰਦਾ ? : ਮਾਨ



ਨਵੀਂ ਦਿੱਲੀ, 17 ਮਈ (ਮਨਪ੍ਰੀਤ ਸਿੰਘ ਖਾਲਸਾ):- "ਅਰੁਣਾਚਲ ਪ੍ਰਦੇਸ਼ ਇੰਡੀਆਂ ਦਾ ਸਟੇਟ ਹੈ । ਲੇਕਿਨ ਚੀਨ ਨੇ ਕੌਮਾਂਤਰੀ ਪੱਧਰ ਤੇ ਅਰੁਣਾਚਲ ਨੂੰ ਆਪਣੇ ਚੀਨ ਮੁਲਕ ਦਾ ਹਿੱਸਾ ਗਰਦਾਨਦੇ ਹੋਏ ਅਤੇ ਆਪਣੇ ਚੀਨ ਦੇ ਨਕਸੇ ਵਿਚ ਅਰੁਣਾਚਲ ਨੂੰ ਦਿਖਾਉਦੇ ਹੋਏ ਉਸਦਾ ਨਾਮ ਵੀ ਬਦਲ ਦਿੱਤਾ ਹੈ ਅਤੇ ਉਸਦੇ ਸ਼ਹਿਰਾਂ ਦੇ ਨਾਮ ਵੀ ਬਦਲ ਦਿੱਤੇ ਹਨ । ਪੰਜਾਬ ਸੂਬੇ ਨਾਲ ਲੱਗਦੀ ਸਰਹੱਦ ਉਤੇ ਕੋਈ ਥੋੜ੍ਹੀ ਬਹੁਤੀ ਹਿੱਲਜੁਲ ਜਾਂ ਯੋਜਨਾਬੰਧ ਢੰਗ ਨਾਲ ਕੋਈ ਸ਼ਰਾਰਤ ਹੋ ਜਾਵੇ ਤਾਂ ਇਹ ਹੁਕਮਰਾਨ ਅਤੇ ਬਹੁਗਿਣਤੀ ਹਿੰਦੂ ਕੌਮ ਜੰਗਾਂ-ਯੁੱਧਾਂ ਦੀ ਗੱਲ ਕਰਨੀ ਸੁਰੂ ਕਰ ਦਿੰਦੇ ਹਨ ਅਤੇ ਇਕਦਮ ਮਾਹੌਲ ਵਿਚ ਕੁੜੱਤਣ ਪੈਦਾ ਕਰ ਦਿੰਦੇ ਹਨ ਅਤੇ ਲੱਖਾਂ ਦੀ ਗਿਣਤੀ ਵਿਚ ਲਹਿੰਦੇ ਤੇ ਚੜ੍ਹਦੇ ਪੰਜਾਬ ਦੇ ਅਮਨ ਚੈਨ ਚਾਹੁੰਣ ਵਾਲੇ ਪੰਜਾਬੀਆਂ ਤੇ ਇਸ ਵਿਚ ਰਹਿਣ ਵਾਲੇ ਹਰ ਵਰਗ ਦੇ ਜੀਵਨ ਨੂੰ ਡੂੰਘੇ ਕਸਟ ਵਿਚ ਪਾ ਦਿੰਦੇ ਹਨ । ਪਰ ਦੁੱਖ ਤੇ ਅਫਸੋਸ ਹੈ ਕਿ ਚੀਨ ਜੋ ਅੱਜ ਕੌਮਾਂਤਰੀ ਪੱਧਰ ਤੇ ਵੱਡੇ ਮੁਲਕਾਂ ਦੀ ਕਤਾਰ ਵਿਚ ਆ ਚੁੱਕਾ ਹੈ ਅਤੇ ਜਿਸ ਨੇ ਪਹਿਲੇ ਵੀ ਇੰਡੀਆਂ ਦੇ ਸਾਡੇ ਲਾਹੌਰ ਖਾਲਸਾ ਰਾਜ ਦਰਬਾਰ ਵੱਲੋ ਜਿੱਤੇ ਹੋਏ ਲਦਾਖ ਅਤੇ ਕਸਮੀਰ ਦੇ ਇਲਾਕਿਆ ਨੂੰ ਚੀਨ ਨੇ ਆਪਣੇ ਕਬਜੇ ਵਿਚ ਲਿਆ ਹੋਇਆ ਹੈ । ਜਿਸਦਾ ਖੇਤਰਫਲ 39000 ਸਕੇਅਰ ਵਰਗ ਕਿਲੋਮੀਟਰ ਅਤੇ 2000 ਸਕੇਅਰ ਵਰਗ ਕਿਲੋਮੀਟਰ ਹੁਣੇ ਹੀ 2020 ਤੇ 2022 ਵਿਚ ਕਬਜੇ ਵਿਚ ਲਏ ਹਨ । ਹੁਣ ਚੀਨ ਨੇ ਪੂਰੇ ਅਰੁਣਾਚਲ ਅਤੇ ਉਸਦੇ ਸ਼ਹਿਰਾਂ ਦੇ ਨਾਮ ਬਦਲ ਦਿੱਤੇ ਹਨ, ਜਿਸ ਨੂੰ ਚੀਨ ਮੁਲਕ ਦੇ ਨਕਸੇ ਵਿਚ ਦਰਜ ਕਰਕੇ ਦਿਖਾਇਆ ਹੋਇਆ ਹੈ, ਉਸ ਵਿਰੁੱਧ ਹੁਣ ਇੰਡੀਅਨ ਹੁਕਮਰਾਨ ਜਾਂ ਹਿੰਦੂਤਵ ਸੋਚ ਵਾਲੇ ਅਮਲ ਕਿਉਂ ਨਹੀਂ ਕਰਦੇ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਚੀਨ ਵੱਲੋ ਇੰਡੀਆਂ ਦੇ ਅਰੁਣਾਚਲ ਸਟੇਟ ਦਾ ਨਾਮ ਬਦਲਣ ਅਤੇ ਉਸਦੇ ਸਮੁੱਚੇ ਸ਼ਹਿਰਾਂ ਦੇ ਨਾਮ ਬਦਲਣ ਉਤੇ ਕੋਈ ਵੀ ਅਮਲ ਨਾ ਹੋਣ ਅਤੇ ਬਿਨ੍ਹਾਂ ਵਜਹ ਪੰਜਾਬ ਨੂੰ ਜੰਗ ਦੇ ਮੂੰਹ ਵਿਚ ਧਕੇਲਣ ਦੀਆਂ ਕਾਰਵਾਈਆ ਉਤੇ ਤਿੱਖਾ ਪ੍ਰਤੀਕਰਮ ਜਾਹਰ ਕਰਦੇ ਹੋਏ ਅਤੇ ਪੰਜਾਬੀਆਂ, ਸਿੱਖਾਂ ਨਾਲ ਮੰਦਭਾਵਨਾ ਅਧੀਨ ਜ਼ਬਰ ਜੁਲਮ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਧਾਇਕ ਨੇ ਹਲਕਾ ਘਨੌਰ ਦੇ ਵੱਖ-ਵੱਖ ਪਿੰਡਾ 'ਚ ਨਸ਼ਾ ਮੁਕਤ ਪੰਜਾਬ ਲਈ ਲੋਕਾਂ ਨੂੰ ਕੀਤਾ ਸਰਗਰਮ



ਘਨੌਰ, 17 ਮਈ (ਆਵਾਜ਼ਿ ਕੌਮ ਬਿਊਰੋ): ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਲੜਾਈ ਹੁਣ ਇਕ ਲੋਕ ਲਹਿਰ ਦਾ ਰੂਪ ਧਾਰ ਰਹੀ ਹੈ। ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਇਹ ਮੁਹਿੰਮ ਰੋਜ਼ਾਨਾ ਨਵੇਂ ਮੋੜ ਤੇ ਪਹੁੰਚ ਰਹੀ ਹੈ। ਇਸ ਲੜਾਈ ਨੂੰ ਹੋਰ ਤੇਜ਼ ਕਰਦਿਆਂ ਕਬੱਡੀ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਵਿਧਾਇਕ ਵਿਧਾਇਕ ਗੁਰਲਾਲ ਘਨੌਰ ਨੇ ਹਲਕੇ ਦੇ ਵੱਖ-ਵੱਖ ਪਿੰਡ ਸੌਟਾ, ਰਾਮਪੁਰ, ਦੜਵਾ, ਜਰੀਕਪੁਰ ਅਤੇ ਰੁੜਕਾ ਆਦਿ ਵਿੱਚ ਨਸ਼ਿਆਂ ਵਿਰੁੱਧ ਜਨ ਸਭਾਵਾਂ ਕਰਦਿਆਂ ਲੋਕਾਂ ਨੂੰ ਨਸ਼ਿਆਂ ਖਿਲਾਫ ਇੱਕਜੁੱਟ ਹੋਣ ਦੀ ਅਪੀਲ ਕੀਤੀ ।ਵਿਧਾਇਕ ਘਨੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ "ਨਸ਼ਿਆਂ ਨਾਲ ਸਾਡੀ ਨੌਜਵਾਨ ਪੀੜ੍ਹੀ ਅਤੇ ਸਮਾਜ ਦੀ ਜੜ੍ਹਾ ਕੰਮਜ਼ੋਰ ਹੋ ਰਹੀਆਂ ਹਨ। ਇਹ ਸਿਰਫ ਪੰਜਾਬ ਸਰਕਾਰ ਦੀ ਨਹੀਂ ਸਗੋਂ ਸਾਰੇ ਪੰਜਾਬ ਦੀ ਲੜਾਈ ਹੈ। ਜਦੋਂ ਲੋਕ ਤਸਕਰਾਂ ਅਤੇ ਨਸ਼ੇ ਦੇ ਆਦੀਆਂ ਖਿਲਾਫ ਪ੍ਰਸ਼ਾਸਨ ਦਾ ਸਾਥ ਦੇਣਗੇ, ਤਦ ਹੀ ਅਸੀਂ ਨਸ਼ਿਆਂ ਉਤੇ ਪੂਰੀ ਤਰ੍ਹਾਂ ਕਾਬੂ ਪਾ ਸਕਾਂਗੇ ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਨਸ਼ਾ ਤਸਕਰੀ ਖਿਲਾਫ ਕਈ ਵੱਡੀ ਕਾਰਵਾਈਆਂ ਕੀਤੀਆਂ ਹਨ ਅਤੇ ਹਾਲ ਹੀ ਵਿੱਚ ਕਈ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਨਸ਼ਾ ਵਿਰੋਧੀ ਅਭਿਆਨ ਨੂੰ ਹੋਰ ਮਜ਼ਬੂਤ ਬਣਾਇਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਨਵੇਂ ਨਸ਼ਾ ਮੁਕਤੀ ਕੇਂਦਰ ਬਣਾਏ ਜਾ ਰਹੇ ਹਨ ਅਤੇ ਜ਼ਿਲਾ ਪੱਧਰ 'ਤੇ ਨਸ਼ੇ ਦੀ ਲਤ ਤੋਂ ਪੀੜਤ ਨੌਜਵਾਨਾਂ ਲਈ ਪੁਨਰਵਾਸ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਪਿੰਡਾਂ ਵਿੱਚ ਹੋਈਆਂ ਇਨ੍ਹਾਂ ਜਨ ਸਭਾਵਾਂ ਦੌਰਾਨ ਵਿਧਾਇਕ ਨੇ ਪਿੰਡ ਵਾਸੀਆਂ ਨੂੰ ਆਪਣੇ ਇਲਾਕੇ ਨੂੰ ਨਸ਼ਾ ਮੁਕਤ ਬਣਾਉਣ ਲਈ ਚੋਕੀਦਾਰੀ ਸਿਸਟਮ ਤੇ ਨਿਗਰਾਨੀ ਟੀਮਾਂ ਬਣਾਉਣ ਦੀ ਸਲਾਹ ਦਿੱਤੀ। ਲੋਕਾਂ ਨੇ ਵੀ ਵਾਅਦਾ ਕੀਤਾ ਕਿ ਉਹ ਆਪਣੇ ਪਿੰਡਾਂ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਸਰਕਾਰ ਅਤੇ ਪੁਲਿਸ ਦਾ ਪੂਰਾ ਸਹਿਯੋਗ ਕਰਨਗੇ ।ਵਿਧਾਇਕ ਘਨੌਰ ਨੇ ਕਿਹਾ ਕਿ "ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ ਹੁਣ ਫੈਸਲਾਕੁੰਨ ਮੋੜ 'ਤੇ ਹੈ। ਸਾਡਾ ਲਕਸ਼ ਰੰਗਲਾ ਅਤੇ ਨਸ਼ਾ ਮੁਕਤ ਪੰਜਾਬ ਬਣਾਉਣਾ ਹੈ, ਜਿਸ ਲਈ ਹਰ ਇਕ ਨਾਗਰਿਕ ਨੂੰ ਆਪਣੀ ਭੂਮਿਕਾ ਨਿਭਾਉਣੀ ਪਵੇਗੀ ।ਇਸ ਮੌਕੇ ਉਨ੍ਹਾਂ ਨਾਲ ਸਬੰਧਤ ਵਿਭਾਗਾ ਦੇ ਅਧਿਕਾਰੀ ਅਤੇ ਪੁਲਿਸ ਮੁੱਖੀ ਮੌਜੂਦ ਸਨ ।ਇਸ ਮੌਕੇ ਪਿੰਡਾਂ ਦੀ ਗ੍ਰਾਮ ਪੰਚਾਇਤਾ ਵੱਡੀ ਗਿਣਤੀ ਵਿਚ ਪਿੰਡ ਵਾਸੀ ਅਤੇ ਪਾਰਟੀ ਅਹੁਦੇਦਾਰ ਅਤੇ ਵਰਕਰ ਮੌਜੂਦ ਸਨ।

## ਇੱਕ ਨਜ਼ਰ...



# ਪਹਿਲਗਾਮ ਹਮਲਾ ਬਨਾਮ ਮੋਦੀ ਸਰਕਾਰ

ਜਿਸ ਦਿਨ ਪਹਿਲਗਾਮ ਹਮਲਾ ਹੋਇਆ ਸੀ ਉੱਸ ਤੋਂ ਦੂਜੇ ਦਿਨ ਹੀ ਦਾਸ ਨੇ ਉੱਹਨਾਂ ਮਾਰੇ ਗਏ ਨਿਰਦੋਸ਼ ਅਤੇ ਅਣਭੋਲ ਲੋਕਾਂ ਲਈ ਹਾਅ ਦਾ ਨਾਅਰਾ ਮਾਰਿਆ ਸੀ ! ਇਹ ਪੀੜਾ ਸਿੱਖਾਂ ਨੇ ਪੰਜਾਬ ਵਿੱਚ ਡੇਡ ਦਹਾਕਾ ਜਾਣੀ ਪੂਰੇ ਪੰਦਰਾਂ ਸਾਲ ਹੰਢਾਈ ਸੀ ਅਤੇ ਅੱਜ ਵੀ ਸਿੱਖਾਂ ਦੀ ਨਸਲਕੁਸ਼ੀ ਭਾਰਤੀ ਦਹਿਸ਼ਤਗਰਦ ਅੱਤਵਾਦੀ ਸਟੇਟ ਵਲੋਂ ਨਿਰੰਤਰ ਜਾਰੀ ਹੈ ! ਜੰਮੂ ਕਸ਼ਮੀਰ ਦੇ ਪਹਿਲ ਗਾਮ ਵਿੱਚ ਭਾਰਤ ਮੁਤਾਬਿਕ ਹੋਏ ਹਮਲੇ ਨੂੰ ਕਰੀਬ ਗਿਆਰਾਂ ਦਿਨ ਹੋ ਗਏ ਹਨ ਪਰ ਹਮਲਾਵਰ ਹਾਲੇ ਤੱਕ ਭਾਰਤੀ ਫੋਰਸਾਂ ਦੇ ਹੱਥ ਨਹੀਂ ਆਏ ! ਹਮਲੇ ਤੋਂ ਮਹਿਜ ਢਾਈ ਘੰਟੇ ਬਾਅਦ ਹੀ ਪਤਾ ਨਹੀਂ ਕਿਹੜੀ ਅੰਤਰਜਾਮਤਾ ਦੇ ਨਾਲ ਹਮਲੇ ਦਾ ਦੋਸ਼ੀ ਪਾਕਿਸਤਾਨ ਨੂੰ ਕਰਾਰ ਦੇ ਕੇ ਨਾਲ ਪਾਕਿਸਤਾਨ

ਆਵਾਜ਼ਿ ਕੌਮ AWAZE QAUM International Newspaper & WEB TV



ਨੂੰ ਧਮਕੀਆਂ ਭਾਰਤ ਨੇ ਦੇਣੀਆਂ ਸ਼ੁਰੂ ਕਰ ਦਿੱਤੀਆਂ ਅਤੇ ਪਾਕਿਸਤਾਨ ਨੂੰ ਭਾਰਤ ਵਲੋਂ ਜਾਂਦਾ ਪਾਣੀ ਵੀ ਬੰਦ ਕਰ ਦਿੱਤਾ !ਗੋਦੀ ਮੋਦੀ ਮੀਡੀਆ ਨੇ ਪੂਰੇ ਗਿਆਰਾਂ ਦਿਨਾਂ ਤੋਂ ਟੈਲੀਵੀਜਨਾਂ ਅਤੇ ਹੋਰ ਸ਼ੋਸ਼ਲ ਮੀਡੀਆ ਚੈਨਲਾਂ ਉੱਤੇ ਪੂਰੀ ਬੰਬਾਰਮੈਂਟ ਕੀਤੀ ਹੋਈ ਹੈ ! ਇਹ ਗੱਲ ਤਾਂ ਚਿੱਟੇ ਦੁੱਧ ਵਾਂਗ ਸਾਫ ਹੈ ਕਿ ਹਮਲਾ ਭਾਰਤ ਦੀ ਬੀਜੇਪੀ ਸਰਕਾਰ ਨੇ ਖੁਦ ਹੀ ਕਰਵਾਇਆ ਹੈ , ਬਾਕੀ ਕੋਈ ਮੰਨੇ ਜਾਂ ਨਾ ਮੰਨੇ ਉੱਹ ਉੱਸ ਉੱਪਰ ਨਿਰਭਰ ਕਰਦਾ ਹੈ ! ਮੋਦੀ ਸਾਹਬ ਹਮਲੇ ਵਾਲੇ ਦਿਨ ਸਾਊਦੀ ਅਰਬ ਦੇਸ਼ ਵਿੱਚ ਸਨ , ਖਬਰ ਸੁਣਦਿਆਂ ਸਾਰ ਹੀ ਕਹਿੰਦੇ ਮੋਦੀ ਜੀ ਉੱਥੋਂ ਹੀ ਵਾਪਸ ਭਾਰਤ ਆ ਗਏ , ਵਾਪਸ ਆ ਕੇ ਉੱਹ ਪਹਿਲਗਾਮ ਜਾਣ ਦੀ ਬਜਾਏ ਸਿੱਧੇ ਬਿਹਾਰ ਦੀ ਇੱਕ ਚੋਣ ਰੈਲੀ ਵਿੱਚ ਗਏ ਅਤੇ ਉੱਹਨਾਂ ਨੇ ਉੱਥੋਂ ਹੀ ਮਾਈਕ ਰਾਹੀਂ ਪਾਕਿਸਤਾਨ ਅਤੇ ਮੁਸਲਮਾਨਾਂ ਉੱਪਰ ਬੰਬ ਸੁੱਟੇ ! ਇਸ ਦਾ ਸਿੱਧਾ ਪੱਧਰਾ ਮਤਲਬ ਇਹ ਹੀ ਨਿੱਕਲਦਾ ਹੈ ਕਿ ਇਹ ਹਮਲਾ ਪਾਕਿਸਤਾਨ ਨੂੰ ਮੁਸਲਮਾਨਾਂ ਨੂੰ ਦੁਨੀਆਂ ਭਰ ਵਿੱਚ ਬਦਨਾਮ ਕਰਨ ਲਈ ਅਤੇ ਵੋਟਾਂ ਜਿੱਤਣ ਲਈ ਕਰਵਾਇਆ ਗਿਆ ਹੈ ! ਨਾਲ ਹੀ ਇਹਨਾਂ ਲਈ ਮੋਦੀ ਜੁੰਡਲੀ ਵਈ ਸਬੱਬ ਬਣਿਆ ਹੋਇਆ ਸੀ ਕਿ ਅਮਰੀਕਾ ਦਾ ਉੱਪ ਰਾਸ਼ਟਰਪਤੀ ਭਾਰਤ ਦੇ ਦੌਰੇ ਉੱਪਰ ਆਇਆ ਹੋਇਆ ਸੀ ਜਿਵੇਂ ਕਿ ਸੰਨ 2000 ਵਿੱਚ ਜਦੋਂ ਇਹਨਾ ਭਾਜਪਾਈਆਂ ਨੇ ਕਸ਼ਮੀਰ ਦੇ ਚਿੱਠੀ ਸਿੰਘਪੁਰਾ ਵਿੱਚ 36 ਨਿਰਦੋਸ਼ ਸਿੱਖ ਮਾਰੇ ਸੀ ਉੱਦੋਂ ਵੀ ਅਮਰੀਕਾ ਦਾ ਰਾਸ਼ਟਰਪਤੀ ਬਿੱਲ ਕਲਿੰਟਨ ਭਾਰਤ ਦੇ ਦੌਰੇ ਉੱਤੇ ਆਇਆ ਹੋਇਆ ਸੀ ! ਬਿੱਲ ਕਲਿੰਟਨ ਅੱਜ ਤੱਕ ਪਸ਼ਤਾ ਰਿਹਾ ਹੈ ਕਿ ਅਗਰ ਮੈਂ ਉੱਸ ਸਮੇਂ ਭਾਰਤ ਨਾ ਜਾਂਦਾ ਤਾਂ ਉੱਹ 36 ਨਿਰਦੋਸ਼ ਸਿੱਖ ਨਹੀਂ ਮਰਨੇ ਸੀ ! ਗਿਆਰਾਂ ਦਿਨਾਂ ਤੋਂ ਭਾਰਤ ਪਾਕਿਸਤਾਨ ਨੂੰ ਗਿੱਦੜ ਧਮਕੀਆਂ ਦੇ ਰਿਹਾ ਹੈ ਅਤੇ ਅੱਗੋਂ ਪਾਕਿਸਤਾਨ ਨੇ ਵੀ ਪਰਮਾਣੂ ਬੰਬਾਂ ਨੂੰ ਤੇਲ ਤੂਲ ਦਿੱਤਾ ਹੋਇਆ ਹੈ ! ਬਾਕੀ ਭਾਈ ਸਿੱਖ ਲੀਡਰ ਤਾਂ ਕਹਿ ਰਹੇ ਹਨ ਕਿ ਅਗਰ ਭਾਰਤ ਅਤੇ ਪਾਕਿਸਤਾਨ ਨੇ ਜੋਰ ਅਜਮਾਈ ਕਰਨੀ ਹੀ ਹੈ ਤਾਂ ਉੱਹ ਗੁਜਰਾਤ ਅਤੇ ਰਾਜਸਥਾਨ ਵਾਲੇ ਪਾਸੇ ਕਰ ਲੈਣ ਪਰ ਅਸੀਂ ਪੰਜਾਬ ਨੂੰ ਜੰਗ ਦਾ ਮੈਦਾਨ ਨਹੀਂ ਬਣਨ ਦਿਆਂਗੇ ! ਬਾਕੀ ਪਾਕਿਸਤਾਨ ਸਰਕਾਰ ਤਾਂ ਕਹਿ ਰਹੀ ਹੈ ਭਾਈ ਸਬੂਤ ਲਿਆਓ ਕਿ ਅੱਤਵਾਦੀ ਪਾਕਿਸਤਾਨ ਤੋਂ ਹੀ ਗਏ ਹਨ ਤਾਂ ਅਸੀਂ ਜਾਂਚ ਵਿੱਚ ਭਾਰਤ ਦੀ ਮਦਦ ਵੀ ਕਰਾਂਗੇ ਅਤੇ ਗੁਨਾਹਗਾਰਾਂ ਨੂੰ ਅੱਤਵਾਦੀਆਂ ਨੂੰ ਢੁੱਕਦੀ ਸਜਾ ਵੀ ਦਵਾਂਗੇ ! ਪਰ ਸਬੂਤ ਕੋਈ ਹੋਵੇਂ ਤਾਂ ਭਾਰਤ ਦਵੇ ! ਕਿੱਥੇ ਹੈ ਭਾਰਤ ਦਾ ਖੁੱਫੀਆ ਤੰਤਰ ਮੰਤਰ ਜਿਹੜਾ ਕਹਿੰਦਾ ਕਿ ਅਸੀਂ ਭਾਰਤ ਵਿੱਚ ਪਰਿੰਦੇ ਨੂੰ ਵੀ ਪਰ ਨਹੀਂ ਮਾਰਨ ਦਿਆਂਗੇ , ਅਗਲੇ 27 ਬੰਦੇ ਮਾਰ ਕੇ ਸਲੇਡੇ ਵਾਂਗ ਛੂ ਮੰਤਰ ਹੋ ਗਏ ! ਹੁਣ ਕਸ਼ਮੀਰ ਵਿੱਚ ਨਿਰਦੋਸ਼ ਮੁਸਲਮਾਨਾਂ ਨੂੰ ਫੜ ਫੜ ਕੇ ਮਾਰੀ ਜਾਂਦੇ ਨੇ , ਜੇਹਲਾਂ ਵਿੱਚ ਡੱਕੀ ਜਾਂਦੇ ਨੇ , ਬੰਬਾਂ ਨਾਲ ਗਰੀਬਾਂ ਦੇ ਘਰ ਉੱਡਾਈ ਜਾਂਦੇ ਨੇ ! ਸੋ ਇਹਨਾਂ ਨੇ ਇੱਕ ਤੀਰ ਨਾਲ ਪਾਕਿਸਤਾਨ ਨੂੰ ਬਦਨਾਮ ਕਰਨ ਕਮਜੋਰ ਕਰਨ ਮੁੱਸਲਮਾਨਾਂ ਨੂੰ ਕਮਜੋਰ ਅਤੇ ਬਦਨਾਮ ਕਰਨ ਕਸ਼ਮੀਰ ਨੂੰ ਆਰਥਿਕਤਾ ਪੱਖੋਂ ਕਮਜੋਰ ਕਰਨ ਦਾ ਕੰਮ ਕੀਤਾ ਹੈ ! ਆਪਣੇ ਹੀ ਹਿੰਦੂ ਨਿਰਦੋਸ਼ ਲੋਕ ਮਰਵਾ ਕੇ ਵਿੱਚ ਮੁਸਲਮਾਨ ਤੇ ਇਸਾਈ ਵੀ ਸੁਣੀਂਦੇ ਨੇ ਮਰਵਾ ਕੇ ਗਿਆਰਾਂ ਬਾਰਾਂ ਦਿਨਾਂ ਦਾ ਹੋ ਹੱਲਾ ਮਚਾ ਰੱਖਿਆ ਹੈ ! ਬਾਕੀ ਨਾਲ ਦੀ ਨਾਲ ਖਾਲਿਤਾਨ ਦੀ ਗੂੰਜ ਵੀ ਪੂਰੀ ਦੁਨੀਆਂ ਵਿੱਚ ਉੱਚੀ ਹੋ ਰਹੀ ਹੈ ! ਸਿਮਰਨੀਤ ਸਿੰਘ ਮਾਨ ਗੁਰਪਤਵੰਤ ਸਿੰਘ ਪੰਨੂ ਪਰਮਜੀਤ ਸਿੰਘ ਮੰਡ ਚੋਟੀ ਦੇ ਖਾਲਿਸਤਾਨੀ ਲੀਡਰਾਂ ਨੇ ਕਹਿ ਦਿੱਤਾ ਹੈ ਕਿ ਸਿੱਖ ਫੌਜ ਪਾਕਿਸਤਾਨ ਨਾਲ ਨਹੀਂ ਲੜੇਗੀ , ਅਸੀਂ ਆਪਣੇ ਬਾਬੇ ਨਾਨਕ ਜੀ ਦੀ ਧਰਤੀ ਵੱਲ ਨੂੰ ਬੰਬ ਨਹੀਂ ਸੁੱਟਾਂਗੇ ! ਸਿੱਖਾਂ ਦਾ ਦੁਸ਼ਮਣ ਪਾਕਿਸਤਾਨ ਨਹੀਂ ਬਲਕਿ ਅੱਤਵਾਦੀ ਦੇਸ਼ ਹਿੰਦੋਸਤਾਨ ਹੈ ਜਿੱਥੇ ਦੀਆਂ ਫੌਜਾਂ ਨੇ ਹਮਲਾ ਕਰਕੇ ਜੂਨ 1984 ਵਿੱਚ ਸਾਡਾ ਸ੍ਰੀ ਅਕਾਲ ਤਖਤ ਸਾਹਿਬ ਹਰਿਮੰਦਰ ਸਾਹਿਬ ਅਤੇ 36 ਹੋਰ ਗੁਰਦਵਾਰੇ ਢਾਹੇ ਸਨ , ਹਜਾਰਾਂ ਨਿਰਦੋਸ਼ ਸਿੱਖਾਂ ਦਾ ਕਤਲੇਆਮ ਕੀਤਾ , ਬੀਬੀਆਂ ਅਤੇ ਬੱਚੀਆਂ ਦੀਆਂ ਇੱਜਤਾਂ ਲੁੱਟੀਆਂ , 2500 ਗੁਰੂ ਗਰੰਥ ਸਾਹਿਬ ਜੀ ਦਾ ਸਰੂਪ ਸਾੜਿਆ , ਸਿੱਖ ਰਾਇਫਰੈਂਸ ਲਾਇਬਰੇਰੀ ਨੂੰ ਪਹਿਲਾਂ ਲੁੱਟਿਆ ਅਤੇ ਫੇਰ ਸਾੜਿਆ ! ਬਾਅਦ ਵਿੱਚ 1984 ਤੋਂ 1994 ਤੱਕ ਦਸਾਂ ਸਾਲਾਂ ਵਿੱਚ ਭਾਰਤੀ ਅੱਤਵਾਦੀ ਫੋਰਸਾਂ ਨੇ ਸਮੇਤ ਪੰਜਾਬ ਪੁਲੀਸ ਨੇ ਵੀ ਸਾਡਾ ਢਾਈ ਲੱਖ ਸਿੱਖ ਨੌਜਵਾਨ ਝੂਠੇ ਪੁਲੀਸ ਮੁਕਾਬਲਿਆਂ ਵਿੱਚ ਮਾਰਿਆ , ਘਰ ਬਾਰ ਅਤੇ ਫਸਲਾਂ ਤੱਕ ਉੱਜਾੜੀਆਂ ! ਇਸ ਕਰਕੇ ਸਿੱਖਾਂ ਦੀ ਅਸਲ ਦੁਸ਼ਮਣ ਭਾਰਤੀ ਸਟੇਟ ਹੀ ਹੈ ! ਇੱਥੇ ਪਰਧਾਨ ਮੰਤਰੀ ਅਤੇ ਮੁੱਖ ਮੰਤਰੀ ਬਦਲਣ ਨਾਲ ਕੋਈ ਫਰਕ ਨਹੀਂ ਪੈਂਦਾ ਸਿੱਖਾਂ ਅਤੇ ਹੋਰ ਘੱਟ ਗਿਣਤੀ ਕੌਮਾਂ ਦੇ ਨਾਲ ਨਾਲ ਬਹੁਗਿਣਤੀ ਹਿੰਦੂ ਭਰਾਵਾਂ ਉੱਪਰ ਵੀ ਜੁਲਮ ਜਾਰੀ ਹੀ ਰਹਿੰਦੇ ਹਨ ! ਇਸ ਕਰਕੇ ਸਾਰੀਆਂ ਕੌਮਾਂ ਅਗਰ ਸੁੱਖੀ ਵਸਣਾ ਚਾਹੁੰਦੀਆਂ ਹਨ ਤਾਂ ਮਹਾਰਾਜਾ ਰਣਜੀਤ ਸਿੰਘ ਜੀ ਵਰਗਾ ਖਾਲਸਾ ਰਾਜ ਲਿਆਉਣ ਲਈ ਯੂ ਐਨ ਓ ਉੱਪਰ ਖਾਲਿਸਤਾਨ ਬਣਾਉਣ ਲਈ ਦਬਾਅ ਬਣਾਓਣ ਜੀ ! ਮੋਦੀ ਅਮਿੱਤ ਸ਼ਾਹ ਜੈ ਸ਼ੰਕਰ ਅਜੀਤ ਡੋਵਾਲ ਜੀ ਰੱਬ ਨਾ ਕਰੇ ਅਗਰ ਕਿਤੇ ਹੁਣ ਅਸਲੀ ਅੱਤਵਾਦੀ ਹਮਲਾ ਵੀ ਹੋ ਜਾਂਦਾ ਹੈ ਤਾਂ ਸੰਸਾਰ ਦੇ ਲੋਕ ਇਹੀ ਕਹਿਣਗੇ ਕਿ ਭਾਰਤ ਦਾ ਆਪਣਾ ਹੀ ਕਾਰਾ ਹੈ ! ਚਿੱਠੀ ਸਿੰਘਪੁਰਾ ਹਮਲੇ ਦਾ ਤਾਂ ਤੁਹਾਡੇ ਹੀ ਜਨਰਲ ਕਨਰਲ ਕਹਿ ਰਹੇ ਹਨ ਕਿ ਅਸੀਂ ਹੀ ਉੱਹ ਘਿਨਾਉਣਾ ਕਾਰਾ ਕੀਤਾ ਸੀ ! ਸੱਚ ਸੌ ਚਾਦਰਾਂ ਪਾੜ ਕੇ ਵੀ ਸੂਰਜ ਵਾਂਗ ਬਾਹਰ ਆ ਹੀ ਜਾਂਦਾ ਹੁੰਦਾ ਹੈ ਅਤੇ ਝੂਠ ਦੇ ਕਦੇ ਵੀ ਪੈਰ ਨਹੀਂ ਹੁੰਦੇ ਜੀ !

ਵਾਹਿਗੁਰੂ ਭਲੀ ਕਰੇ ਜੀ ਸਾਰੇ ਸੁੱਖੀ ਵੱਸਣ !

**- ਹਰਪ੍ਰੀਤ ਸਿੰਘ ਪੰਮਾ (ਅਸਟਰੀਆ)**

# ਦਮਦਮੀ ਟਕਸਾਲ ਵੱਲੋਂ 17 ਵੇਂ ਦਿਨ ਦਾ ਸ਼ਹੀਦੀ ਦੀਵਾਨ ਗੁਰਦੁਆਰਾ ਸੰਗਤਪੁਰਾ ਬਥਵਾਲ ਵਿੱਖੇ ਸਜਾਇਆ ਗਿਆ







ਚੌਕ ਮਹਿਤਾ, 17 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )- ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ। ਜਿਸ ਦੇ ਚਲਦਿਆਂ ਅੱਜ ਗੁਰਦੁਆਰਾ ਸੰਗਤਪੁਰਾ ਬਥਵਾਲ ਵਿੱਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪਰੀਤ ਸਿੰਘ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਉਪਰੰਤ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲੇ ਦਾ ਇਤਿਹਾਸ ਪਵਿੱਤਰ ਪਾਵਨ ਗ੍ਰੰਥ ਸੂਰਜ ਪਰਕਾਸ਼ ਵਿੱਚੋਂ ਸੰਗਤਾਂ ਨੂੰ ਸਰਵਨ ਕਰਾਇਆ। ਪੋਥੀ ਸਾਹਿਬ ਜੀ ਦਾ ਜਾਪੁ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤਾ,ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ। ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ। ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਬਥਵਾਲ ਦੀ ਪੰਚਾਇਤ, ਗੁਰਦੁਆਰਾ ਸਾਹਿਬ ਦੀ ਪ੍ਰਬੰਦਕ ਕਮੇਟੀ ਹੈਡ ਗਰੰਥੀ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਸਮੂਹ ਮੈਂਬਰ ਅਤੇ ਸੰਗਤਾਂ ਨੇ ਹਾਜਰੀਆ ਭਰੀਆਂ। ਇਸ ਮੌਕੇ ਤੇ ਸੰਤ ਬਾਬਾ ਸਵਿੰਦਰ ਸਿੰਘ, ਭਾਈ ਦਵਿੰਦਰ ਸਿੰਘ, ਜਥੇਦਾਰ ਕਿਰਪਾ ਸਿੰਘ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਪਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲ, ਤਰਨਾ ਦੱਲ ਮਹਿਤਾ ਦੇ ਮੁੱਖੀ ਜਥੇਦਾਰ ਅਜੀਤ ਸਿੰਘ, ਹੈਡ ਗਰੰਥੀ ਗਿਆਨੀ ਗੁਰਦੀਪ ਸਿੰਘ ਦਮਦਮੀ ਟਕਸਾਲ,ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਸਰਪੰਚ ਹਰਜਿੰਦਰ ਸਿੰਘ ਜੱਜ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤ ਦੇ ਪ੍ਰਧਾਨ ਮੰਤਰੀ ਅਤੇ ਕਾਂਗਰਸੀ ਆਗੂ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ 'ਚ ਲਗਾਉਣ ਦੇ ਫੈਸਲੇ ਦਾ ਫੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਸਖ਼ਤ ਵਿਰੋਧ



ਅੰਮ੍ਰਿਤਸਰ, 17 ਮਈ (ਆਵਾਜ਼ਿ ਕੌਮ ਬਿਊਰੋ ): ਸ਼੍ਰੋਮਣੀ ਕਮੇਟੀ ਨੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਕਾਂਗਰਸੀ ਆਗੂ ਡਾਕਟਰ ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ 'ਚ ਲਗਾਉਣ ਦਾ ਐਲਾਨ ਕੀਤਾ ਹੈ ਜਿਸ 'ਤੇ ਪੰਥਕ ਜਥੇਬੰਦੀ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਨੇ ਸਖ਼ਤ ਇਤਰਾਜ ਜਤਾਇਆ ਹੈ। ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਪੰਥਕ ਆਗੂ ਜਥੇਦਾਰ ਭਾਈ ਬਲਵੰਤ ਸਿੰਘ ਗੋਪਾਲਾ, ਕੌਮੀ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ, ਖ਼ਾਲਸਾ ਫ਼ਤਹਿਨਾਮਾ ਦੇ ਸੰਪਾਦਕ ਸ. ਰਣਜੀਤ ਸਿੰਘ, ਭਾਈ ਅੰਗਦ ਸਿੰਘ ਕਸ਼ਮੀਰ, ਜਥੇਬੰਦਕ ਸਕੱਤਰ ਭਾਈ ਮਨਪ੍ਰੀਤ ਸਿੰਘ ਮੰਨਾ, ਭਾਈ ਹਰਪ੍ਰੀਤ ਸਿੰਘ ਪੰਮਾ ਆਸਟਰੀਆ ਅਤੇ ਭਾਈ ਗੁਰਪ੍ਰੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦਾ ਕੇਂਦਰੀ ਸਿੱਖ ਅਜਾਇਬ ਘਰ 'ਚ ਉਹਨਾਂ ਮਹਾਨ ਸ਼ਖਸੀਅਤਾਂ ਦੀਆਂ ਤਸਵੀਰਾਂ ਹੀ ਲੱਗਣੀਆਂ ਚਾਹੀਦੀਆਂ ਹਨ ਜਿਨ੍ਹਾਂ ਨੇ ਸਿੱਖ ਕੌਮ, ਖ਼ਾਲਸਾ ਪੰਥ ਅਤੇ ਦੇਸ ਪੰਜਾਬ ਲਈ ਘਾਲਣਾ ਘਾਲੀਆਂ ਹੋਣ ਤੇ ਪੰਥ ਨੂੰ ਉਹਨਾਂ ਉੱਤੇ ਫ਼ਖ਼ਰ ਹੋਵੇ। ਪਰ ਡਾਕਟਰ ਮਨਮੋਹਨ ਸਿੰਘ ਤਾਂ ਭਾਰਤ ਦੇ ਉੱਚ ਅਹੁਦਿਆਂ ਉੱਤੇ ਹੋਣ ਦੇ ਬਾਵਜੂਦ ਵੀ ਪੰਥ ਅਤੇ ਪੰਜਾਬ ਲਈ ਕੁਝ ਨਾ ਕਰ ਸਕਿਆ, ਸਗੋਂ ਉਹ ਸਿੱਖਾਂ ਦੀ ਕਾਤਲ ਜਮਾਤ ਕਾਂਗਰਸ ਦੇ ਹੁਕਮਾਂ ਉੱਤੇ ਪੰਥ ਅਤੇ ਪੰਜਾਬ ਵਿਰੁੱਧ ਭੁਗਤਦਾ ਰਿਹਾ। ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਡਾਕਟਰ ਮਨਮੋਹਨ ਸਿੰਘ ਦੀ ਤਸਵੀਰ ਦੀ ਬਜਾਏ ਸਗੋਂ ਸ਼੍ਰੋਮਣੀ ਕਮੇਟੀ ਨੂੰ ਅਜਾਇਬ ਘਰ 'ਚ ਤੁਰੰਤ ਹੀ ਸਿੱਖ ਕੌਮ ਦੇ ਮਹਾਨ ਯੋਧੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ, ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ, ਸ਼ਹੀਦ ਭਾਈ ਅਵਤਾਰ ਸਿੰਘ ਖੰਡਾ, ਸ਼ਹੀਦ ਭਾਈ ਹਰਮਿੰਦਰ ਸਿੰਘ ਮਿੰਟੂ ਨਿਹੰਗ, ਸ਼ਹੀਦ ਭਾਈ ਹਰਮੀਤ ਸਿੰਘ ਪੀਐਚਡੀ, ਭਾਈ ਗਜਿੰਦਰ ਸਿੰਘ ਹਾਈਜੈਕਰ, ਭਾਈ ਮਹਿਲ ਸਿੰਘ ਬੱਬਰ ਅਤੇ ਭਾਈ ਲਖਬੀਰ ਸਿੰਘ ਰੋਡੇ ਦੀਆਂ ਤਸਵੀਰਾਂ ਲਗਾਉਣੀਆਂ ਚਾਹੀਦੀਆਂ ਹਨ ਜਿਨ੍ਹਾਂ ਨੇ ਆਪਣੀ ਜ਼ਿੰਦਗੀਆਂ ਸਿੱਖ ਕੌਮ ਦੇ ਲੇਖੇ ਲਾ ਦਿੱਤੀਆਂ ਤੇ ਵੱਡੀਆਂ ਕੁਰਬਾਨੀਆਂ ਕੀਤੀਆਂ। ਜਥੇਦਾਰ ਭਾਈ ਬਲਵੰਤ ਸਿੰਘ ਗੋਪਾਲਾ ਅਤੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਹਮਲੇ, ਨਵੰਬਰ 1984 ਵਿੱਚ ਸਿੱਖ ਨਸਲਕੁਸ਼ੀ ਅਤੇ ਦਸ ਸਾਲ ਹੋਏ ਝੂਠੇ ਪੁਲਿਸ ਮੁਕਾਬਲਿਆਂ ਦੌਰਾਨ ਡਾਕਟਰ ਮਨਮੋਹਨ ਸਿੰਘ ਨੇ ਚੁੱਪੀਧਾਰੀ ਰੱਖੀ, ਉਹ ਗਵਰਨਰ ਅਤੇ ਪ੍ਰਧਾਨ ਮੰਤਰੀ ਵੀ ਰਿਹਾ ਪਰ ਉਸਨੇ ਸਿੱਖ ਕੌਮ ਦੇ ਭਲੇ ਲਈ ਇੱਕ ਵੀ ਕਾਰਜ ਨਾ ਕੀਤਾ, ਉਹ ਸਿੱਖ ਕੌਮ ਦੀ ਆਜ਼ਾਦੀ ਦੇ ਵਿਰੁੱਧ ਭੁਗਤਦਾ ਰਿਹਾ, ਸਿੱਖਾਂ ਦੀਆਂ ਕਾਲੀਆਂ ਸੂਚੀਆਂ ਵੀ ਖ਼ਤਮ ਨਾ ਕਰਵਾ ਸਕਿਆ ਅਤੇ ਉਲਟਾ ਵਿਦੇਸ਼ਾਂ ਵਿੱਚ ਜਾ ਕੇ ਸੰਘਰਸ਼ਸ਼ੀਲ ਗੁਰਸਿੱਖਾਂ ਦਾ ਵਿਰੋਧ ਕਰਦਾ ਰਿਹਾ। ਉਹਨਾਂ ਕਿਹਾ ਕਿ ਡਾਕਟਰ ਮਨਮੋਹਨ ਸਿੰਘ ਨੇ ਉਸ ਕਾਂਗਰਸ ਅਤੇ ਭਾਰਤ ਨੂੰ ਸਾਰੀ ਉਮਰ ਆਪਣੀਆਂ ਸਿਆਸੀ ਸੇਵਾਵਾਂ ਦਿੱਤੀਆਂ ਜਿਸ ਕਾਂਗਰਸ ਅਤੇ ਭਾਰਤ ਸਰਕਾਰ ਨੇ ਸਿੱਖਾਂ ਦਾ ਮਲੀਆਮੇਟ ਕਰਨਾ ਚਾਹਿਆ। ਉਹਨਾਂ ਕਿਹਾ ਕਿ ਡਾਕਟਰ ਮਨਮੋਹਨ ਸਿੰਘ ਦੀ ਸਿੱਖਾਂ ਦੇ ਕਾਤਲ ਮੁੱਖ ਮੰਤਰੀ ਬੇਅੰਤ ਸਿੰਘ ਅਤੇ ਜਗਦੀਸ਼ ਟਾਈਟਲਰ, ਸੱਜਣ ਕੁਮਾਰ, ਕਮਲ ਨਾਥ ਤੇ ਹੋਰਾਂ ਬੁੱਚੜਾਂ ਨਾਲ ਵੀ ਸਾਂਝ ਰਹੀ ਜਿਸ ਦੀਆਂ ਤਸਵੀਰਾਂ ਵੀ ਗਵਾਹ ਹਨ। ਡਾਕਟਰ ਮਨਮੋਹਨ ਸਿੰਘ ਦਾ ਰਿਮੋਟ ਕੰਟਰੋਲ ਸੋਨੀਆ ਗਾਂਧੀ ਕੋਲ ਰਿਹਾ ਤੇ ਉਹ ਕਾਂਗਰਸ ਦੀਆਂ ਉਂਗਲਾਂ 'ਤੇ ਨੱਚਦਾ ਰਿਹਾ, ਉਸਨੇ ਸਿੱਖ ਕੌਮ ਨੂੰ ਹਮੇਸ਼ਾਂ ਨਿਰਾਸ਼ ਕੀਤਾ। ਡਾਕਟਰ ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਉਣਾ ਸਿੱਖ ਕੌਮ ਉੱਤੇ ਹਮਲਾ ਕੀਤੇ ਜਾਣ ਦੇ ਬਰਾਬਰ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਬਾਦਲ ਦਲ ਦੀ ਮੱਤ ਮਾਰੀ ਜਾ ਚੁੱਕੀ ਹੈ ਜੋ ਸਿੱਖ ਕੌਮ ਨੂੰ ਸੰਤਾਪ ਦੇਣ ਲਈ ਡਾਕਟਰ ਮਨਮੋਹਨ ਸਿੰਘ ਦੀ ਤਸਵੀਰ ਲਗਾਉਣ ਦਾ ਐਲਾਨ ਕਰ ਰਹੇ ਹਨ ਇਹ ਕਾਲ਼ਾ ਇਤਿਹਾਸ ਸਿਰਜਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਆਪਣਾ ਇਹ ਫੈਸਲਾ ਤੁਰੰਤ ਵਾਪਸ ਲੈਣਾ ਚਾਹੀਦਾ ਹੈ, ਨਹੀਂ ਤਾਂ ਸਿੱਖ ਕੌਮ ਦੇ ਭਾਰੀ ਰੋਹ ਅਤੇ ਰੋਸ ਦਾ ਸਾਹਮਣਾ ਕਰਨਾ ਪਵੇਗਾ। ਉਹਨਾਂ ਕਿਹਾ ਕਿ ਡਾਕਟਰ ਮਨਮੋਹਨ ਸਿੰਘ ਹੋਵੇ ਜਾਂ ਪ੍ਰਕਾਸ਼ ਸਿੰਘ ਬਾਦਲ ਇਹਨਾਂ ਦੀਆਂ ਤਸਵੀਰਾਂ ਸਿੱਖ ਬਰਦਾਸ਼ਤ ਨਹੀਂ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV